ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/1948995821245314/

YouTube https://youtu.be/LQwolgxDu7I

awazeqaumtvpunjab@gmail.com

ਐਤਵਾਰ, 1 ਮਾਰਚ 2026 (ਨਾਨਕਸ਼ਾਹੀ ਸੰਮਤ : ੫੫੭, ੧੮ ਫੱਗਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

## ਈਰਾਨ ਨੇ ਰਾਜਧਾਨੀ ਖਾਲੀ ਕਰਨ ਦੇ ਦਿੱਤੇ ਹੁਕਮ

# ਅਮਰੀਕਾ-ਇਜ਼ਰਾਈਲ ਵੱਲੋਂ ਤਹਿਰਾਨ 'ਚ ਬੰਬਾਂ ਦੀ ਬਾਰਿਸ਼

**ਤਹਿਰਾਨ/ਤੇਲ ਅਵੀਬ/ਵਾਸ਼ਿੰਗਟਨ, 28 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਮੱਧ ਪੂਰਬ ਵਿੱਚ ਜੰਗ ਦੇ ਹਾਲਾਤ ਬੇਹੱਦ ਗੰਭੀਰ ਹੋ ਗਏ ਹਨ। ਅਮਰੀਕਾ ਅਤੇ ਇਜ਼ਰਾਈਲ ਵੱਲੋਂ ਈਰਾਨ ਦੀ ਰਾਜਧਾਨੀ ਤੇਹਰਾਨ ਸਮੇਤ ਕਈ ਵੱਡੇ ਸ਼ਹਿਰਾਂ 'ਤੇ ਭਾਰੀ ਬੰਬਾਰੀ ਕੀਤੀ ਜਾ ਰਹੀ ਹੈ। ਸਥਿਤੀ ਦੀ ਗੰਭੀਰਤਾ ਨੂੰ ਦੇਖਦੇ ਹੋਏ ਈਰਾਨ ਦੀ ਰਾਸ਼ਟਰੀ ਸੁਰੱਖਿਆ ਪਰਿਸ਼ਦ ਨੇ ਤੇਹਰਾਨ ਦੇ ਨਿਵਾਸੀਆਂ ਨੂੰ ਤੁਰੰਤ ਸ਼ਹਿਰ ਛੱਡਣ ਅਤੇ ਹੋਰ ਸੁਰੱਖਿਅਤ ਥਾਵਾਂ 'ਤੇ ਜਾਣ ਦੀ ਸਲਾਹ ਦਿੱਤੀ ਹੈ।

**ਸਰਵਉੱਚ ਨੇਤਾ ਦਾ ਦਫ਼ਤਰ ਨਿਸ਼ਾਨੇ 'ਤੇ :** ਰਿਪੋਰਟਾਂ ਅਨੁਸਾਰ ਤੇਹਰਾਨ ਵਿੱਚ ਸਥਿਤ ਈਰਾਨ ਦੇ ਸਰਵਉੱਚ ਨੇਤਾ ਅਲੀ ਖ਼ਾਮੇਨੇਈ ਦੇ ਦਫ਼ਤਰ ਨੂੰ ਵੀ ਨਿਸ਼ਾਨਾ ਬਣਾਇਆ ਗਿਆ ਹੈ। ਤੇਹਰਾਨ ਤੋਂ ਇਲਾਵਾ ਤਬਰੇਜ਼, ਕੂਮ, ਕਰਜ, ਖੁਰਰਮਾਬਾਦ ਅਤੇ ਕੇਰਮਾਨਸ਼ਾਹ ਵਰਗੇ ਸ਼ਹਿਰਾਂ ਵਿੱਚ ਵੀ ਜ਼ਬਰਦਸਤ ਧਮਾਕੇ ਦਰਜ ਕੀਤੇ ਗਏ ਹਨ। ਈਰਾਨ ਨੇ ਆਪਣੇ ਹਵਾਈ ਖੇਤਰ ਨੂੰ ਛੇ ਘੰਟਿਆਂ ਲਈ ਪੂਰੀ ਤਰ੍ਹਾਂ ਬੰਦ ਕਰ ਦਿੱਤਾ ਹੈ।

**ਵੱਡੇ ਫੌਜੀ ਆਪ੍ਰੇਸ਼ਨਾਂ ਦਾ ਐਲਾਨ :** ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਅਧਿਕਾਰਤ ਤੌਰ 'ਤੇ ਐਲਾਨ ਕੀਤਾ ਹੈ ਕਿ ਅਮਰੀਕਾ ਨੇ ਈਰਾਨ ਵਿਰੁੱਧ "ਵੱਡੇ ਫੌਜੀ ਆਪ੍ਰੇਸ਼ਨ" ਸ਼ੁਰੂ ਕਰ ਦਿੱਤੇ ਹਨ। ਪੈਂਟਾਗਨ ਨੇ ਇਸ ਮੁਹਿੰਮ ਨੂੰ "ਆਪ੍ਰੇਸ਼ਨ ਐਪਿਕ ਫਿਊਰੀ" ਦਾ ਨਾਮ ਦਿੱਤਾ ਹੈ, ਜਦਕਿ ਇਜ਼ਰਾਈਲ ਆਪਣੀ ਕਾਰਵਾਈ ਨੂੰ "ਲਾਇਨਜ਼ ਰੋਰ" ਵਜੋਂ ਚਲਾ ਰਿਹਾ ਹੈ। ਸੂਤਰਾਂ ਮੁਤਾਬਕ ਇਨ੍ਹਾਂ ਹਮਲਿਆਂ ਵਿੱਚ ਈਰਾਨੀ ਰਿਵੋਲਿਊਸ਼ਨਰੀ ਗਾਰਡਜ਼ ਦੇ ਕਈ ਸੀਨੀਅਰ ਕਮਾਂਡਰ ਮਾਰੇ ਗਏ ਹਨ, ਹਾਲਾਂਕਿ ਈਰਾਨੀ ਅਧਿਕਾਰੀ ਅਜੇ ਇਸਦੀ ਪੁਸ਼ਟੀ ਨਹੀਂ ਕਰ ਰਹੇ। ਈਰਾਨ ਦੀ ਜਵਾਬੀ ਕਾਰਵਾਈ ਜਵਾਬ ਵਿੱਚ ਈਰਾਨ ਨੇ ਖਾੜੀ ਦੇਸ਼ਾਂ ਵਿੱਚ ਸਥਿਤ ਅਮਰੀਕੀ ਫੌਜੀ ਬੇਸਾਂ 'ਤੇ ਮਿਜ਼ਾਈਲਾਂ ਦਾਗੀਆਂ ਹਨ। ਬਹਿਰੀਨ, ਸੰਯੁਕਤ ਅਰਬ ਅਮੀਰਾਤ (ਯੂ. ਏ. ਈ.), ਕੁਵੈਤ ਅਤੇ ਕਤਰ ਨੇ ਕਈ ਮਿਜ਼ਾਈਲਾਂ ਨੂੰ ਰੋਕਣ ਦਾ ਦਾਅਵਾ ਕੀਤਾ ਹੈ। ਅਬੂ ਧਾਬੀ ਵਿੱਚ ਇੱਕ ਵਿਅਕਤੀ ਦੀ ਮੌਤ ਦੀ ਖਬਰ ਵੀ ਸਾਹਮਣੇ ਆਈ ਹੈ।

**ਇਜ਼ਰਾਈਲੀ ਪ੍ਰਧਾਨ ਮੰਤਰੀ ਦੀ ਅਪੀਲ :** ਇਜ਼ਰਾਈਲ ਦੇ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਨੇ ਈਰਾਨ ਦੀ ਜਨਤਾ ਨੂੰ ਉਕਸਾਉਂਦੇ ਹੋਏ ਅਪੀਲ ਕੀਤੀ ਹੈ ਕਿ ਉਹ ਆਪਣੇ ਦੇਸ਼ ਦੇ ਧਾਰਮਿਕ ਸ਼ਾਸਨ ਦੇ ਖਿਲਾਫ ਖੜ੍ਹੇ ਹੋਣ। ਦੂਜੇ ਪਾਸੇ, ਈਰਾਨੀ ਲੀਡਰਸ਼ਿਪ ਨੇ ਚੇਤਾਵਨੀ ਦਿੱਤੀ ਹੈ ਕਿ ਉਹ ਇਨ੍ਹਾਂ ਹਮਲਿਆਂ ਦਾ "ਕਰਾਰਾ ਜਵਾਬ" ਦੇਣਗੇ ਅਤੇ ਇਹ ਜੰਗ ਹੋਰ ਤੇਜ਼ ਹੋ ਸਕਦੀ ਹੈ।



## 'ਈਰਾਨ ਨੂੰ ਪਰਮਾਣੂ ਹਥਿਆਰ ਨਹੀਂ ਬਣਾਉਣ ਦੇਵਾਂਗੇ...' ਹਮਲੇ ਮਗਰੋਂ ਟਰੰਪ ਦਾ ਪਹਿਲਾ ਬਿਆਨ



ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਈਰਾਨ ਵਿਰੁੱਧ ਸਖ਼ਤ ਰੁਖ ਅਖਤਿਆਰ ਕਰਦਿਆਂ ਸਪੱਸ਼ਟ ਐਲਾਨ ਕੀਤਾ ਹੈ ਕਿ ਉਹ ਈਰਾਨ ਨੂੰ ਕਿਸੇ ਵੀ ਕੀਮਤ 'ਤੇ ਪਰਮਾਣੂ ਤਾਕਤ ਨਹੀਂ ਬਣਨ ਦੇਣਗੇ। ਈਰਾਨ 'ਤੇ ਇਜ਼ਰਾਈਲ ਦੇ ਹਮਲੇ ਤੋਂ ਬਾਅਦ ਇਕ ਬਿਆਨ ਜਾਰੀ ਕਰਦਿਆਂ ਟਰੰਪ ਨੇ ਕਿਹਾ ਕਿ ਅਮਰੀਕੀ ਫੌਜ ਨੇ ਈਰਾਨੀ ਸ਼ਾਸਨ ਤੋਂ ਪੈਦਾ ਹੋਣ ਵਾਲੇ ਖ਼ਤਰਿਆਂ ਨੂੰ ਖ਼ਤਮ ਕਰਨ ਅਤੇ ਅਮਰੀਕੀ ਜਨਤਾ ਦੀ ਸੁਰੱਖਿਆ ਲਈ ਵੱਡੇ ਪੱਧਰ 'ਤੇ ਫੌਜੀ ਕਾਰਵਾਈ ਸ਼ੁਰੂ ਕੀਤੀ ਹੈ। ਰਾਸ਼ਟਰਪਤੀ ਟਰੰਪ ਨੇ ਕਿਹਾ ਕਿ ਈਰਾਨ ਨੂੰ ਕਦੇ ਵੀ ਪਰਮਾਣੂ ਹਥਿਆਰ ਹਾਸਲ ਨਹੀਂ ਕਰਨ ਦਿੱਤਾ ਜਾਵੇਗਾ। ਉਨ੍ਹਾਂ ਦੋਸ਼ ਲਗਾਇਆ ਕਿ ਈਰਾਨ ਆਪਣਾ ਪਰਮਾਣੂ ਪ੍ਰੋਗਰਾਮ ਮੁੜ ਤੋਂ ਬਣਾਉਣ ਦੀ ਕੋਸ਼ਿਸ਼ ਕਰ ਰਿਹਾ ਹੈ ਅਤੇ ਲੰਬੀ ਦੂਰੀ ਦੀਆਂ ਮਿਜ਼ਾਈਲਾਂ ਵਿਕਸਿਤ ਕਰ ਰਿਹਾ ਹੈ। ਟਰੰਪ ਨੇ ਅਮਰੀਕੀ ਫ਼ੌਜ ਮੁਹਿੰਮ ਜਾਰੀ ਰਹਿਣ ਅਤੇ ਈਰਾਨ ਦੀ ਮਿਜ਼ਾਈਲ ਸਮਰੱਥਾ ਨੂੰ ਨਸ਼ਟ ਕਰਨ ਦੀ ਗੱਲ਼ ਕਹੀ।

## ਇਜ਼ਰਾਈਲੀ ਹਮਲੇ 'ਚ ਮਾਰਿਆ ਗਿਆ ਈਰਾਨੀ ਰੱਖਿਆ ਮੰਤਰੀ ਆਮੀਰ ਹਾਤਮੀ !



ਈਰਾਨ ਅਤੇ ਪੱਛਮੀ ਦੇਸ਼ਾਂ ਵਿਚਾਲੇ ਵਧਦੇ ਤਣਾਅ ਦਰਮਿਆਨ ਸ਼ਨੀਵਾਰ ਨੂੰ ਅਮਰੀਕਾ ਅਤੇ ਇਜ਼ਰਾਈਲ ਨੇ ਈਰਾਨ 'ਤੇ ਵੱਡੇ ਹਵਾਈ ਹਮਲੇ ਕੀਤੇ ਹਨ। ਈਰਾਨੀ ਅਤੇ ਖੇਤਰੀ ਮੀਡੀਆ ਵੱਲੋਂ ਦਿੱਤੀਆਂ ਜਾ ਰਹੀਆਂ ਖਬਰਾਂ ਮੁਤਾਬਕ ਇਨ੍ਹਾਂ ਹਮਲਿਆਂ ਦੀ ਪਹਿਲੀ ਲਹਿਰ ਵਿੱਚ ਈਰਾਨ ਦੇ ਰੱਖਿਆ ਮੰਤਰੀ ਮੇਜਰ ਜਨਰਲ ਅਮੀਰ ਹਾਤਮੀ ਨੂੰ ਨਿਸ਼ਾਨਾ ਬਣਾਇਆ ਗਿਆ ਹੈ। ਹਾਲਾਂਕਿ, ਅਜੇ ਤੱਕ ਈਰਾਨੀ ਅਧਿਕਾਰੀਆਂ ਜਾਂ ਇਜ਼ਰਾਈਲੀ ਫੌਜ ਵੱਲੋਂ ਹਾਤਮੀ ਦੀ ਮੌਤ ਦੀ ਅਧਿਕਾਰਤ ਪੁਸ਼ਟੀ ਨਹੀਂ ਕੀਤੀ ਗਈ ਹੈ। ਤਹਿਰਾਨ 'ਚ ਜ਼ੋਰਦਾਰ ਧਮਾਕੇ ਰਾਜਧਾਨੀ ਤਹਿਰਾਨ ਵਿੱਚ ਕਈ ਜ਼ੋਰਦਾਰ ਧਮਾਕੇ ਸੁਣੇ ਗਏ ਹਨ। ਚਸ਼ਮਦੀਦਾਂ ਮੁਤਾਬਕ ਸ਼ਹਿਰ ਦੇ ਉਸ ਇਲਾਕੇ ਵਿੱਚੋਂ ਧੂੰਆਂ ਉੱਠਦਾ ਦੇਖਿਆ ਗਿਆ ਜਿੱਥੇ ਰਾਸ਼ਟਰਪਤੀ ਭਵਨ ਅਤੇ ਰਾਸ਼ਟਰੀ ਸੁਰੱਖਿਆ ਕੌਂਸਲ ਦੇ ਦਫ਼ਤਰ ਸਥਿਤ ਹਨ। ਫਿਲਹਾਲ ਇਹ ਸਪੱਸ਼ਟ ਨਹੀਂ ਹੋ ਸਕਿਆ ਹੈ ਕਿ ਇਨ੍ਹਾਂ ਹਮਲਿਆਂ ਦਾ ਮੁੱਖ ਨਿਸ਼ਾਨਾ ਕੀ ਸੀ, ਪਰ ਹਾਤਮੀ ਦੀ ਅਹਿਮ ਭੂਮਿਕਾ ਕਾਰਨ ਉਨ੍ਹਾਂ ਨੂੰ ਨਿਸ਼ਾਨਾ ਬਣਾਏ ਜਾਣ ਦੀਆਂ ਚਰਚਾਵਾਂ ਗਰਮ ਹਨ। ਮੇਜਰ ਜਨਰਲ ਅਮੀਰ ਹਾਤਮੀ ਈਰਾਨੀ ਫੌਜੀ ਸਥਾਪਨਾ ਵਿੱਚ ਇੱਕ ਬਹੁਤ ਹੀ ਪ੍ਰਭਾਵਸ਼ਾਲੀ ਸ਼ਖਸੀਅਤ ਹਨ। ਉਨ੍ਹਾਂ ਨੂੰ ਜੂਨ 2025 ਵਿੱਚ ਸੁਪਰੀਮ ਲੀਡਰ ਅਲੀ ਖ਼ਾਮੇਨੇਈ ਦੁਆਰਾ ਈਰਾਨੀ ਫੌਜ (ਆਰਤੇਸ਼) ਦਾ ਕਮਾਂਡਰ-ਇਨ-ਚੀਫ ਨਿਯੁਕਤ ਕੀਤਾ ਗਿਆ ਸੀ। ਇਸ ਤੋਂ ਪਹਿਲਾਂ ਉਹ 2017 ਤੋਂ 2021 ਤੱਕ ਰਾਸ਼ਟਰਪਤੀ ਹਸਨ ਰੂਹਾਨੀ ਦੇ ਕਾਰਜਕਾਲ ਦੌਰਾਨ ਦੇਸ਼ ਦੇ ਰੱਖਿਆ ਮੰਤਰੀ ਵਜੋਂ ਸੇਵਾਵਾਂ ਨਿਭਾ ਚੁੱਕੇ ਹਨ।

**ਅਮਰੀਕਾ ਤੇ ਇਜ਼ਰਾਈਲ ਨੂੰ ਦਿੱਤੀ ਸੀ ਚਿਤਾਵਨੀ :** ਤਣਾਅ ਦੇ ਮਾਹੌਲ 'ਚ, ਹਾਤਮੀ ਨੇ 31 ਜਨਵਰੀ 2026 ਨੂੰ ਅਮਰੀਕਾ ਅਤੇ ਇਜ਼ਰਾਈਲ ਨੂੰ ਸਿੱਧੀ ਚਿਤਾਵਨੀ ਦਿੱਤੀ ਸੀ। ਉਨ੍ਹਾਂ ਕਿਹਾ ਸੀ ਕਿ ਈਰਾਨੀ ਹਥਿਆਰਬੰਦ ਬਲ 'ਹਾਈ ਅਲਰਟ' 'ਤੇ ਹਨ ਅਤੇ ਦੁਸ਼ਮਣ ਦੀ ਕਿਸੇ ਵੀ ਗਲਤੀ ਨਾਲ ਖੇਤਰੀ ਸਥਿਰਤਾ ਖਤਰੇ 'ਚ ਪੈ ਜਾਵੇਗੀ। ਉਹ ਈਰਾਨ ਦੇ ਮਿਜ਼ਾਈਲ ਤੇ ਡਰੋਨ ਪ੍ਰੋਗਰਾਮ ਦੇ ਵੱਡੇ ਸਮਰਥਕ ਮੰਨੇ ਜਾਂਦੇ ਹਨ ਤੇ ਉਨ੍ਹਾਂ ਦੇ ਕਾਰਜਕਾਲ ਦੌਰਾਨ 'ਖੋਰਮਸ਼ਹਿਰ' ਤੇ 'ਫਤਿਹ' ਵਰਗੀਆਂ ਬੈਲਿਸਟਿਕ ਮਿਜ਼ਾਈਲਾਂ ਦਾ ਵਿਕਾਸ ਹੋਇਆ ਸੀ।

**ਜੰਗੀ ਇਤਿਹਾਸ ਤੇ ਅਹਿਮੀਅਤ :** 1966 'ਚ ਜਨਜਾਨ 'ਚ ਜਨਮੇ ਹਾਤਮੀ ਨੇ ਮਹਿਜ਼ 14 ਸਾਲ ਦੀ ਉਮਰ 'ਚ ਈਰਾਨ-ਇਰਾਕ ਜੰਗ ਦੌਰਾਨ ਬਸੀਜ ਵਲੰਟੀਅਰ ਫੋਰਸ 'ਚ ਸ਼ਾਮਲ ਹੋ ਕੇ ਆਪਣੇ ਕਰੀਅਰ ਦੀ ਸ਼ੁਰੂਆਤ ਕੀਤੀ ਸੀ। ਉਹ ਈਰਾਨ ਦੇ ਪਹਿਲੇ ਅਜਿਹੇ ਰੱਖਿਆ ਮੰਤਰੀ ਸਨ ਜੋ ਰੈਗੂਲਰ ਆਰਮੀ (ਆਰਤੇਸ਼) ਨਾਲ ਸਬੰਧ ਰੱਖਦੇ ਸਨ, ਜਦੋਂ ਕਿ ਆਮ ਤੌਰ 'ਤੇ ਇਹ ਅਹੁਦਾ ਰੈਵੋਲਿਊਸ਼ਨਰੀ ਗਾਰਡਜ਼ ਦੇ ਅਧਿਕਾਰੀਆਂ ਕੋਲ ਰਹਿੰਦਾ ਸੀ। ਇਨ੍ਹਾਂ ਹਮਲਿਆਂ ਤੋਂ ਬਾਅਦ ਪੂਰੇ ਖੇਤਰ 'ਚ ਦਹਿਸ਼ਤ ਦਾ ਮਾਹੌਲ ਹੈ ਅਤੇ ਦੁਨੀਆ ਭਰ ਦੀਆਂ ਨਜ਼ਰਾਂ ਹੁਣ ਇਰਾਨ ਦੀ ਅਗਲੀ ਪ੍ਰਤੀਕਿਰਿਆ 'ਤੇ ਟਿਕੀਆਂ ਹੋਈਆਂ ਹਨ।

## ਇਜ਼ਰਾਈਲੀ ਹਮਲੇ 'ਚ 36 ਵਿਦਿਆਰਥਣਾਂ ਦੀ ਮੌਤ ! ਈਰਾਨੀ ਮੀਡੀਆ ਦਾ ਵੱਡਾ ਦਾਅਵਾ

ਅਮਰੀਕਾ ਤੇ ਇਜ਼ਰਾਈਲ ਵੱਲੋਂ ਇਰਾਨ ਵਿਰੁੱਧ ਸ਼ੁਰੂ ਕੀਤੀ ਗਈ ਸਾਂਝੀ ਫੌਜੀ ਕਾਰਵਾਈ ਦੌਰਾਨ ਇੱਕ ਵੱਡਾ ਦੁਖਾਂਤ ਸਾਹਮਣੇ ਆਇਆ ਹੈ। ਇਰਾਨ ਦੀ ਸਰਕਾਰੀ ਨਿਊਜ਼ ਏਜੰਸੀ ਨੇ ਦਾਅਵਾ ਕੀਤਾ ਹੈ ਕਿ ਦੱਖਣੀ ਇਰਾਨ ਦੇ ਹਰਮੋਜ਼ਗਨ ਸੂਬੇ ਦੇ ਸ਼ਹਿਰ ਮੀਨਾਬ ਵਿੱਚ ਇੱਕ ਕੁੜੀਆਂ ਦੇ ਐਲੀਮੈਂਟਰੀ ਸਕੂਲ 'ਤੇ ਇਜ਼ਰਾਈਲੀ ਹਮਲਾ ਹੋਇਆ ਹੈ। ਇਸ ਹਮਲੇ ਵਿੱਚ 36 ਵਿਦਿਆਰਥਣਾਂ ਦੀ ਮੌਤ ਹੋ ਗਈ ਹੈ। ਇਜ਼ਰਾਈਲ ਨੇ ਇਸ ਫੌਜੀ ਕਾਰਵਾਈ ਨੂੰ 'ਲਾਇਨਜ਼ ਰੋਰ' ਦਾ ਨਾਮ ਦਿੱਤਾ ਹੈ, ਜਿਸ ਦੇ ਤਹਿਤ ਇਰਾਨ ਦੇ ਕਈ ਸ਼ਹਿਰਾਂ ਵਿੱਚ ਜ਼ਬਰਦਸਤ ਧਮਾਕੇ ਸੁਣੇ ਗਏ ਹਨ। ਇਰਾਨੀ ਮੀਡੀਆ ਅਨੁਸਾਰ, ਸਕੂਲ 'ਤੇ ਹੋਏ ਇਸ ਹਮਲੇ ਤੋਂ ਇਲਾਵਾ ਕਈ ਫੌਜੀ ਕਮਾਂਡਰ ਵੀ ਮਾਰੇ ਗਏ ਹਨ। ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਪੁਸ਼ਟੀ ਕੀਤੀ ਹੈ ਕਿ ਅਮਰੀਕਾ ਇਸ ਵੱਡੇ ਜੰਗੀ ਆਪ੍ਰੇਸ਼ਨ ਵਿੱਚ ਪੂਰੀ ਤਰ੍ਹਾਂ ਸ਼ਾਮਲ ਹੈ।

**ਇਰਾਨ ਦੀ ਜਵਾਬੀ ਕਾਰਵਾਈ ਅਤੇ ਚਿਤਾਵਨੀ :** ਸਕੂਲੀ ਬੱਚੀਆਂ ਦੀ ਮੌਤ ਅਤੇ ਆਪਣੇ ਇਲਾਕੇ 'ਤੇ ਹੋਏ ਹਮਲਿਆਂ ਤੋਂ ਗੁੱਸੇ ਵਿੱਚ ਆਏ ਇਰਾਨ ਨੇ ਇਜ਼ਰਾਈਲ ਅਤੇ ਅਮਰੀਕਾ ਨੂੰ 'ਇਤਿਹਾਸਕ ਸਬਕ' ਸਿਖਾਉਣ ਦਾ ਐਲਾਨ ਕੀਤਾ ਹੈ। ਇਰਾਨੀ ਫੌਜ ਦੇ ਬੁਲਾਰੇ ਬ੍ਰਿਗੇਡੀਅਰ ਜਨਰਲ ਅਬੋਲਫਜ਼ਲ ਸ਼ੇਕਰਚੀ ਨੇ ਕਿਹਾ ਕਿ ਖੇਤਰ ਵਿੱਚ ਇਜ਼ਰਾਈਲ ਦੀ ਮਦਦ ਕਰਨ ਵਾਲਾ ਕੋਈ ਵੀ ਅਮਰੀਕੀ ਬੇਸ ਉਨ੍ਹਾਂ ਦੇ ਨਿਸ਼ਾਨੇ ਤੋਂ ਬਚ ਨਹੀਂ ਸਕੇਗਾ। ਇਰਾਨ ਨੇ ਪਹਿਲਾਂ ਹੀ ਕਤਰ, ਕੁਵੈਤ, ਯੂ.ਏ.ਈ. ਅਤੇ ਬਹਿਰੀਨ ਵਿੱਚ ਸਥਿਤ ਅਮਰੀਕੀ ਫੌਜੀ ਬੇਸਾਂ 'ਤੇ ਮਿਜ਼ਾਈਲਾਂ ਦਾਗਣੀਆਂ ਸ਼ੁਰੂ ਕਰ ਦਿੱਤੀਆਂ ਹਨ।

**ਅੰਤਰਰਾਸ਼ਟਰੀ ਪ੍ਰਤੀਕਿਰਿਆ :** ਯੂਰਪੀ ਸੰਘ ਨੇ ਇਸ ਘਟਨਾ 'ਤੇ ਡੂੰਘੀ ਚਿੰਤਾ ਪ੍ਰਗਟ ਕਰਦਿਆਂ ਦੋਵਾਂ ਧਿਰਾਂ ਨੂੰ ਨਾਗਰਿਕਾਂ ਦੀ ਸੁਰੱਖਿਆ ਯਕੀਨੀ ਬਣਾਉਣ ਅਤੇ 'ਵੱਧ ਤੋਂ ਵੱਧ ਸੰਜਮ' ਵਰਤਣ ਦੀ ਅਪੀਲ ਕੀਤੀ ਹੈ। ਦੂਜੇ ਪਾਸੇ, ਯੂਕਰੇਨ ਨੇ ਇਸ ਸਾਰੀ ਹਿੰਸਾ ਲਈ ਇਰਾਨੀ ਸ਼ਾਸਨ ਨੂੰ ਹੀ ਜ਼ਿੰਮੇਵਾਰ ਠਹਿਰਾਇਆ ਹੈ। ਮੌਜੂਦਾ ਹਾਲਾਤਾਂ ਕਾਰਨ ਪੂਰੇ ਮੱਧ ਪੂਰਬ ਵਿੱਚ ਦਹਿਸ਼ਤ ਦਾ ਮਾਹੌਲ ਹੈ ਅਤੇ ਕਈ ਦੇਸ਼ਾਂ ਨੇ ਆਪਣਾ ਹਵਾਈ ਖੇਤਰ ਬੰਦ ਕਰ ਦਿੱਤਾ ਹੈ।

## 'ਤੁਰੰਤ ਹਮਲੇ ਰੋਕਣ ਅਮਰੀਕਾ-ਇਜ਼ਰਾਈਲ', ਈਰਾਨ 'ਤੇ ਹਮਲੇ ਵਿਚਾਲੇ ਰੂਸ ਦੀ ਚਿਤਾਵਨੀ

ਮੱਧ ਪੂਰਬ 'ਚ ਜੰਗ ਦੇ ਬੱਦਲ ਹੋਰ ਗੂੜ੍ਹੇ ਹੋ ਗਏ ਹਨ। ਇਜ਼ਰਾਈਲ ਨੇ ਅਮਰੀਕਾ ਦੇ ਨਾਲ ਮਿਲ ਕੇ ਈਰਾਨ ਵਿਰੁੱਧ ਇੱਕ ਵੱਡੀ ਫੌਜੀ ਕਾਰਵਾਈ ਸ਼ੁਰੂ ਕੀਤੀ ਹੈ, ਜਿਸ ਨੂੰ 'ਆਪਰੇਸ਼ਨ ਲਾਇਨਜ਼ ਰੋਰ' (ਸ਼ੇਰ ਦੀ ਦਹਾੜ) ਦਾ ਨਾਂ ਦਿੱਤਾ ਗਿਆ ਹੈ। ਇਸ ਸਾਂਝੇ ਫੌਜੀ ਐਕਸ਼ਨ ਤੋਂ ਬਾਅਦ ਪੂਰੇ ਖੇਤਰ ਵਿੱਚ ਭਾਰੀ ਤਣਾਅ ਪੈਦਾ ਹੋ ਗਿਆ ਹੈ। ਦੂਜੇ ਪਾਸੇ, ਰੂਸ ਨੇ ਇਸ ਸਥਿਤੀ 'ਤੇ ਚਿੰਤਾ ਜ਼ਾਹਿਰ ਕਰਦਿਆਂ ਅਮਰੀਕਾ ਅਤੇ ਇਜ਼ਰਾਈਲ ਨੂੰ ਤੁਰੰਤ ਹਮਲੇ ਰੋਕਣ ਦੀ ਅਪੀਲ ਕੀਤੀ ਹੈ। ਰੂਸੀ ਵਿਦੇਸ਼ ਮੰਤਰਾਲੇ ਨੇ ਇਨ੍ਹਾਂ ਹਮਲਿਆਂ ਨੂੰ "ਗੈਰ-ਜ਼ਿੰਮੇਵਾਰਾਨਾ ਕਾਰਵਾਈ" ਕਰਾਰ ਦਿੰਦਿਆਂ ਕਿਹਾ ਕਿ ਇਸ ਨਾਲ ਖੇਤਰ ਵਿੱਚ ਅਸਥਿਰਤਾ ਵਧੇਗੀ। ਰੂਸ ਨੇ ਅੰਤਰਰਾਸ਼ਟਰੀ ਭਾਈਚਾਰੇ ਨੂੰ ਇਸ ਮਾਮਲੇ ਵਿੱਚ ਦਖ਼ਲ ਦੇਣ ਅਤੇ ਸਿਆਸੀ ਹੱਲ ਕੱਢਣ ਦੀ ਅਪੀਲ ਕੀਤੀ ਹੈ। ਇਜ਼ਰਾਈਲ ਨੇ ਸ਼ਨੀਵਾਰ ਸਵੇਰੇ ਈਰਾਨ ਦੀ ਰਾਜਧਾਨੀ ਤੇਹਰਾਨ ਸਮੇਤ ਕਈ ਪ੍ਰਮੁੱਖ ਸ਼ਹਿਰਾਂ 'ਤੇ ਹਮਲੇ ਕੀਤੇ। ਸੂਤਰਾਂ ਅਨੁਸਾਰ, ਇਨ੍ਹਾਂ ਹਮਲਿਆਂ ਵਿੱਚ ਈਰਾਨ ਦੇ ਖੁਫੀਆ ਮੰਤਰਾਲੇ, ਰੱਖਿਆ ਮੰਤਰਾਲੇ, ਅਤੇ ਪਰਮਾਣੂ ਊਰਜਾ ਸੰਗਠਨ ਨੂੰ ਨਿਸ਼ਾਨਾ ਬਣਾਇਆ ਗਿਆ ਹੈ। ਇੱਥੋਂ ਤੱਕ ਕਿ ਈਰਾਨ ਦੇ ਸੁਪਰੀਮ ਲੀਡਰ ਅਯਾਤੁੱਲਾ ਖਾਮੇਨੇਈ ਦੇ ਦਫ਼ਤਰ 'ਤੇ ਵੀ ਹਮਲਾ ਹੋਣ ਦੀ ਖ਼ਬਰ ਹੈ, ਜਿਸ ਤੋਂ ਬਾਅਦ ਉਨ੍ਹਾਂ ਨੂੰ ਕਿਸੇ ਸੁਰੱਖਿਅਤ ਥਾਂ 'ਤੇ ਸ਼ਿਫਟ ਕਰ ਦਿੱਤਾ ਗਿਆ ਹੈ। ਇਜ਼ਰਾਈਲੀ ਹਮਲਿਆਂ ਦੇ ਜਵਾਬ 'ਚ ਈਰਾਨ ਨੇ ਵੀ ਭਾਰੀ ਜਵਾਬੀ ਕਾਰਵਾਈ ਕੀਤੀ ਹੈ। ਮੀਡੀਆ ਰਿਪੋਰਟਾਂ ਮੁਤਾਬਕ ਇਰਾਨ ਨੇ ਇਜ਼ਰਾਈਲ 'ਤੇ ਲਗਭਗ 400 ਮਿਜ਼ਾਈਲਾਂ ਦਾਗੀਆਂ ਹਨ। ਇਰਾਨ ਨੇ ਸਿਰਫ਼ ਇਜ਼ਰਾਈਲ ਨੂੰ ਹੀ ਨਹੀਂ, ਸਗੋਂ ਕੁਵੈਤ, ਕਤਰ, ਬਹਿਰੀਨ ਅਤੇ ਸਊਦੀ ਅਰਬ ਵਿੱਚ ਮੌਜੂਦ ਅਮਰੀਕੀ ਫੌਜੀ ਟਿਕਾਣਿਆਂ ਨੂੰ ਵੀ ਨਿਸ਼ਾਨਾ ਬਣਾਇਆ ਹੈ।





# ਸਾਹਿਬ ਸਤਿਗੁਰੂ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਮਹਾਰਾਜ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਖਾਰਗਰ ਨਵੀਂ ਮੁੰਬਈ ਵਿਖੇ ਮਿਤੀ 28 ਫਰਵਰੀ ਅਤੇ 1 ਮਾਰਚ 2026 ਨੂੰ ਦੋ ਰੋਜ਼ਾ ਬਹੁਤ ਭਾਰੀ ਮਹਾਨ ਗੁਰਮਤਿ ਸਮਾਗਮ ਦਮਦਮੀ ਟਕਸਾਲ ਦੇ ਮੁਖੀ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਮਹਾਂਪੁਰਸ਼ਾ ਦੀ ਅਗੁਵਾਈ 'ਚ ਮਹਾਰਾਸ਼ਟਰ ਦੀ ਸਰਕਾਰ ਦੀ ਦੇਖ ਰੇਖ ਹੇਠ ਕੀਤਾ ਜਾ ਰਿਹਾ ਹੈ।

# ਸੰਗਤਾਂ ਨੂੰ ਬੇਨਤੀ ਹੈ ਇਹਨਾਂ ਸਮਾਗਮਾਂ 'ਚ ਹਾਜਰੀਆਂ ਭਰੋ ਅਤੇ ਲਾਹੇ ਪ੍ਰਾਪਤ ਕਰੋ ਜੀ।

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net




ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥
ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA
WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**

Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**

Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**

Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**

Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net


## ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV




ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

ਪੂਜਾ ਅਕਾਲ ਕੀ ਪਰਚਾ ਸ਼ਬਦ ਕਾ ਦੀਦਾਰ ਖਾਲਸੇ ਕਾ

# ਧਾਰਮਿਕ ਦੀਵਾਨ

ਮਿਤੀ 27-28 ਫਰਵਰੀ 1 ਮਾਰਚ 2026
ਦਿਨ ਸ਼ੁੱਕਰਵਾਰ, ਸ਼ਨੀਵਾਰ ਅਤੇ ਐਤਵਾਰ
ਸਮਾਂ: ਦੁਪਹਿਰ 12 ਤੋਂ 3 ਵਜੇ ਤੱਕ

ਸਥਾਨ - ਗੁਰਦੁਆਰਾ ਸਾਹਿਬ
ਪਿੰਡ ਗੰਡਾ ਸਿੰਘ ਵਾਲਾ (ਗੁਰਬਖਸ਼ਪੁਰਾ)
ਤਹਿਸੀਲ ਧੂਰੀ ਜ਼ਿਲਾ ਸੰਗਰੂਰ

**ਅੰਮ੍ਰਿਤ ਸੰਚਾਰ 1 ਮਾਰਚ ਦਿਨੇ 12 ਵਜੇ ਹੋਵੇਗਾ ਜੀ**

ਸਰਬੱਤ ਸੰਗਤਾਂ ਸਮੇਂ ਸਿਰ ਪੁੱਜ ਕੇ ਗੁਰਬਾਣੀ ਇਤਿਹਾਸ ਦਾ ਲਾਹਾ ਪ੍ਰਾਪਤ ਕਰੋ ਜੀ

**ਗੁਰੂ ਕਾ ਲੰਗਰ ਅਤੁੱਟ ਵਰਤੇਗਾ ਜੀ**

ਬੇਨਤੀ ਕਰਤਾ -
ਸਮੂੰਹ ਗੁਰਦੁਆਰਾ ਪ੍ਰਬੰਧਕ ਕਮੇਟੀ ਸੇਵਾਦਾਰ ਸਾਧ ਸੰਗਤ
ਅਤੇ ਨਗਰ ਪੰਚਾਇਤ
ਪਿੰਡ ਗੰਡਾ ਸਿੰਘ ਵਾਲਾ (ਗੁਰਬਖਸ਼ਪੁਰਾ) ਸੰਗਰੂਰ



ਪੰਥ ਪ੍ਰਸਿੱਧ ਸਿੱਖ ਪ੍ਰਚਾਰਕ
**ਜਥੇਦਾਰ ਬਾਬਾ ਬਲਜੀਤ ਸਿੰਘ ਦਾਦੂਵਾਲ ਜੀ**

ਸੰਪਰਕ:-
95017-08405, 94171-709154, 98143-41911, 81950-09160


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV





ਆਵਾਜ਼ਿ ਕੌਮ
AWAZE QAUM
International Newspaper & WEB TV


ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਸ਼ਹੀਦੀ ਦਿਹਾੜਾ

☛ ਸ਼ਹੀਦੀ ਦਿਵਸ ਬਾਬਾ ਤਾਰਾ ਸਿੰਘ ਸਾਹਿਬ ਜੀ ਵਾਂ ☛ ਸ਼ਹੀਦੀ ਦਿਵਸ ਬਾਬਾ ਬਘੇਲ ਸਿੰਘ ਸਾਹਿਬ ਜੀ ਲੱਧੇਵਾਲ ਅੰਮ੍ਰਿਤਸਰ ਸਾਹਿਬ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।

ਸ੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਭਾਈ ਭੁਪਿੰਦਰ ਸਿੰਘ ਕਾਜਲਮੋਰਾਨੋ ਦੇ ਪਰਿਵਾਰ ਵੱਲੋਂ ਲਈ ਗਈ ਹੈ।

ਸ੍ਰੀ ਅਖੰਡ ਪਾਠ ਸਾਹਿਬ ਦੀ ਅਰੰਭਤਾ ਸ਼ੁੱਕਰਵਾਰ 10:00 ਹੋਵੇਗੀ ਅਤੇ ਐਤਵਾਰ ਸਵੇਰੇ 10:00 ਭੋਗ ਪੈਣਗੇ ਉਪਰੰਤ 1 ਵਜੇ ਤੱਕ ਦੀਵਾਨ ਸੱਜਣਗੇ।

☛ ਸ਼ਨਿੱਚਰਵਾਰ 28 ਫਰਵਰੀ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।
☛ ਐਤਵਾਰ 1 ਮਾਰਚ 2026 ਨੂੰ 6:30 ਵਜੇ ਸਵੇਰੇ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣਗੇ।

ਕੀਰਤਨੀ ਜਥਾ ਰਾਗੀ ਭਾਈ ਗੁਰਵਿੰਦਰ ਸਿੰਘ ਸ਼੍ਰੀ ਅੰਮ੍ਰਿਤਸਰ ਸਾਹਿਬ ਵਾਲੇ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260


ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ਹੋਲਾ ਮਹੱਲਾ ਪਾਉਂਟਾ ਸਾਹਿਬ ਦਾ

# ਦਸਮ ਪਿਤਾ ਦੇ ਲਾਡਲੇ 52 ਕਵੀਆਂ ਦੀ ਪਾਵਨ ਧਰਤੀ

-ਭਗਵਾਨ ਸਿੰਘ ਜੌਹਲ



ਹੋਲਾ ਮਹੱਲਾ ਪੰਜਾਬ ਦਾ ਵਿਰਾਸਤੀ ਤਿਉਹਾਰ ਹੈ ।ਖ਼ਾਲਸਾ ਪੰਥ ਦੀ ਸਾਜਨਾ ਦੇ ਸੰਕਲਪ ਨੂੰ ਆਪਣੇ ਜਿਹਨ ਵਿੱਚ ਲੈ ਕੇ ਸਮੇਂ ਦੀ ਵੰਗਾਰ ਅਨੁਸਾਰ ਸਾਹਿਤ ਸਿਰਜਣਾਂ ਤੇ ਕਲਾਤਮਿਕ ਰੁਚੀਆਂ ਦੀ ਪੂਰਤੀ ਲਈ ਸਰਬੰਸਦਾਨੀ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਆਪਣੀ ਜਵਾਨੀ ਦੇ ਲਗਪਗ ਸਾਢੇ ਚਾਰ ਵਰ੍ਹੇ ਨਾਹਨ ਰਿਆਸਤ ਵਿੱਚ ਯਮਨਾ ਦਰਿਆ ਦੇ ਕਿਨਾਰੇ ਸਥਿਤ ਪਾਉਂਟਾ ਸਾਹਿਬ ਦੀ ਪਾਵਨ ਧਰਤੀ ‘ਤੇ ਬਿਤਾਏ ।ਗੁਰੂ ਸਾਹਿਬ ਨੇ ਇਸ ਪਵਿੱਤਰ ਧਰਤੀ ‘ਤੇ ਆਪਣੇ ਲਾਡਲੇ ਬਵੰਜਾ ਕਵੀਆਂ ਤੇ ਸਾਹਿਤਕ ਰੁਚੀਆਂ ਨੂੰ ਲੈ ਕੇ ਅਦਬੀ ਮਹਿਫਲਾਂ ਨਾਲ ਸ਼ਿੰਗਾਰਿਆ । ਕਲਮ ਦੇ ਧਨੀ ਅਤੇ ਅਨੇਕਾਂ ਭਾਸ਼ਾਵਾਂ ਦੇ ਵਿਦਵਾਨ ਕਲਗੀਧਰ ਪਾਤਸ਼ਾਹ ਨੇ ਇਸੇ ਅਸਥਾਨ ‘ਤੇ ਚੰਦਨ ਕਵੀ ਦੀ ਕਵਿਤਾ ਤੋਂ ਪ੍ਰਸੰਨ ਹੋ ਕੇ ਉਸ ਨੂੰ 65000 ਮੋਹਰਾਂ ਦੇ ਕੇ ਸਨਮਾਨਿਤ ਕੀਤਾ । ਯਮਨਾ ਦੇ ਕਲਕਲ ਵਹਿੰਦੇ ਪਾਣੀ ਨਾਲ ਕਲੋਲਾਂ ਕਰਦਿਆਂ ਕੁਦਰਤ ਦੀ ਸੁਹਾਵਣੀ ਗੋਦ ਵਿੱਚ ਬਿਰਾਜਮਾਨ ਹੋ ਕੇ ਸ੍ਰੀ ਦਸਮ ਗ੍ਰੰਥ ਦੀਆਂ ਅਨੇਕਾਂ ਬਾਣੀਆਂ ਦੀ ਰਚਨਾ ਕੀਤੀ । ਇਸੇ ਪਾਉਂਟਾ ਸਾਹਿਬ ਦੀ ਪਵਿੱਤਰ ਭੂਮੀ ‘ਤੇ ਸ਼ਸਤਰ ਤੇ ਸ਼ਾਸਤਰ ਵਿੱਦਿਆ ਦੇ ਨਾਲ ਕਾਦਰ ਦੀ ਕੁਦਰਤ ਦੇ ਸੁੰਦਰ ਨਜ਼ਾਰਿਆਂ ਤੋਂ ਬਲਿਹਾਰ ਜਾਂਦਿਆਂ ਅਕਾਲ ਪੁਰਖ ਵਾਹਿਗੁਰੂ ਦੀਆਂ ਗੁੱਝੀਆਂ ਰਮਜ਼ਾਂ ਨੂੰ ਭਾਂਪਦਿਆਂ ਇਕ ਯੋਗ ਕਲਾ ਪਾਰਖੂ ਦੀ ਤਰ੍ਹਾਂ ਆਪਣੇ ਸਿੰਘਾਂ ਨੂੰ ਸੁਹਣੀਆਂ ਦਸਤਾਰਾਂ ਸਜਾਉਣ ਅਤੇ ਚੰਗੇਰੀਆਂ ਸਾਹਿਤਕ ਰਚਨਾਵਾਂ ਤੇ ਮੁਕਾਬਲਿਆਂ ਵਿੱਚ ਇਨਾਮ ਦਿੱਤੇ ਜਾਣ ਲੱਗੇ ।ਦੇਸ਼ ਦੇ ਕੋਨੇ-ਕੋਨੇ ਤੋਂ ਸਾਹਿਤਕਾਰ ਵਿਸ਼ੇਸ਼ ਕਰਕੇ ਕਵੀ ਆਪਣੀਆਂ ਆਤਮ-ਰੱਸ ਭਰਪੂਰ ਕਵਿਤਾਵਾਂ, ਜਿਨ੍ਹਾਂ ਵਿੱਚ ਪ੍ਰੇਮ-ਰੱਸ, ਬੀਰ-ਰੱਸ ਤੇ ਹਾਸ-ਰੱਸ ਸੁਣਾਉਣ ਲਈ ਪਹੁੰਚਦੇ ਸਨ । ਇਸੇ ਅਸਥਾਨ ‘ਤੇ ਪੀਰ ਬੁੱਧੂ ਸ਼ਾਹ ਸਢੌਰੇ ਤੋਂ ਆਪਣੇ ਪੁੱਤਰਾਂ ਤੇ ਮੁਰੀਦਾਂ ਸਮੇਤ ਕਲਗੀਧਰ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਰਨਾਂ ਵਿੱਚ ਹਾਜ਼ਰ ਹੋਇਆ ਸੀ । ਭੰਗਾਣੀ ਦੇ ਯੁੱਧ ਤੋਂ ਪਿੱਛੋਂ ਆਪਣੇ ਪੁੱਤਰਾਂ ਤੇ ਮੁਰੀਦਾਂ ਦੀ ਸ਼ਹਾਦਤ ਤੋਂ ਪਿੱਛੋਂ, ਬਖ਼ਸ਼ਿਸ਼ ਵਜੋਂ ਛੋਟੀ ਦਸਤਾਰ ਤੇ ਕੇਸਾਂ ਸਮੇਤ ਕੰਘਾ ਪ੍ਰਾਪਤ ਕਰਕੇ ਆਪਣੀ ਖ਼ੁਸ਼ੀ ਦਾ ਇਜ਼ਹਾਰ ਕੀਤਾ ਸੀ । ਇਸੇ ਪਵਿੱਤਰ ਅਸਥਾਨ ‘ਤੇ ਸਾਹਿਬਜ਼ਾਦਾ ਬਾਬਾ ਅਜੀਤ ਸਿੰਘ ਦਾ ਜਨਮ ਵੀ ਹੋਇਆ ਸੀ ।ਇਥੇ ਹੀ ਕਾਲਪੀ ਰਿਸ਼ੀ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਦੀ ਗੋਦ ਵਿੱਚ ਆਖਰੀ ਸੁਆਸ ਲਏ ਸਨ ।

-ਭਗਵਾਨ ਸਿੰਘ ਜੌਹਲ
bhagwansinghjohal@gmail.com
ਮੋਬਾਈਲ : 98143-24040



ਅਸਲ ਵਿੱਚ ਸਰਬੰਸਦਾਨੀ ਪਿਤਾ, ਨੀਲੇ ਦੇ ਸ਼ਾਹ ਸਵਾਰ, ਸੰਤ ਸਿਪਾਹੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਨਵੇਂ-ਨਰੋਏ ਸਮਾਜ ਦੀ ਸਿਰਜਨਾ ਅਤੇ ਇਤਿਹਾਸਕ ਤਿਉਹਾਰਾਂ ਨੂੰ ਮਨਾਉਣ ਲਈ ਇਕ ਨਿਵੇਕਲੀ ਵਿਚਾਰਧਾਰਾ ਦੀ ਅਰੰਭਤਾ ਹੋਲੇ-ਮਹੱਲੇ ਦੇ ਪਵਿੱਤਰ ਸਮੇਂ ਹੀ ਕੀਤੀ ।ਮਨੁੱਖੀ ਸਮਾਜ ਦੇ ਦੋਵੇਂ ਅੰਗਾਂ ਇਸਤਰੀ ਅਤੇ ਪੁਰਸ਼ ਲਈ ਗ੍ਰਹਿਸਥੀ ਹੋਣਾਂ, ਪਰਉਪਕਾਰ, ਸੇਵਾ ਦੇ ਧਾਰਨੀ ਹੋਣ ਦੇ ਨਾਲ-ਨਾਲ ਹਰ ਸਮੇਂ ਗਰੀਬਾਂ ਤੇ ਮਜ਼ਲੂਮਾਂ ਦੀ ਰੱਖਿਆ ਲਈ ਆਪਾ ਸਮਰਪਿਤ ਕਰਨ ਲਈ ਆਪਣੇ ਸਿੱਖਾਂ ਨੂੰ ਪਾਬੰਦ ਕੀਤਾ ।ਅਜਿਹੇ ਫ਼ਰਜ਼ਾਂ ਦੀ ਪੂਰਤੀ ਲਈ ਮਨੁੱਖ ਦਾ ਆਰੋਗ ਤੇ ਬਲਵਾਨ ਹੋਣਾ ਵੀ ਬਹੁਤ ਜਰੂਰੀ ਹੈ ।ਹੋਲੇ-ਮਹੱਲੇ ਦੇ ਪਵਿੱਤਰ ਤਿਉਹਾਰ ਸਮੇਂ ਆਪਣੇ ਸਿੰਘਾਂ ਲਈ ਅਭਿਆਸ ਵਜੋਂ ਖ਼ਾਲਸਾ ਫ਼ੌਜ ਨੂੰ ਦੋ ਹਿੱਸਿਆਂ ਵਿੱਚ ਵੰਡ ਕੇ ਰਣਤੱਤੇ ਅੰਦਰ ਅਸਲੀ ਦਾਅ-ਪੇਚਾਂ, ਚਾਲਾਂ, ਹਰਕਤਾਂ ਨੂੰ ਧਿਆਨ ਗੋਚਰੇ ਕਰਕੇ ਅਭਿਆਸ ਕਰਵਾਉਂਦੇ ।ਹਰ ਜਥੇ ਨੂੰ ਵੱਖ-ਵੱਖ ਰੰਗਾਂ ਦੀਆਂ ਜੰਗੀ ਵਰਦੀਆਂ ਪਹਿਨਾਈਆਂ ਜਾਂਦੀਆਂ । ਅਜਿਹੇ ਮੌਕੇ ‘ਤੇ ਘੋੜਿਆਂ, ਹਾਥੀਆਂ ਦੀ ਵਰਤੋਂ ਵੀ ਕੀਤੀ ਜਾਂਦੀ । ਨਗਾਰੇ ਵੱਜਦੇ, ਹਥਿਆਰਾਂ ਦੇ ਟਕਰਾਅ ਹੁੰਦੇ, ਜੈਕਾਰੇ ਗੂੰਜਦੇ । ਦਸਮ ਪਾਤਸ਼ਾਹ ਆਪ ਯੋਧਿਆਂ ਨੂੰ ਹੱਲਾਸ਼ੇਰੀ ਦਿੰਦੇ ।ਅੰਤ ਵਿੱਚ ਫਤਹਿ ਦੀਆਂ ਖੁਸ਼ੀਆਂ ਮਨਾਈਆਂ ਜਾਂਦੀਆਂ ।ਸਮਾਜ ਨੂੰ ਨਵੀਂ ਸੇਧ ਦੇ ਕੇ ਪਸ਼ੂ ਬਿਰਤੀ ਤੋਂ ਅਜ਼ਾਦ ਕਰਵਾਇਆ । ਭਾਰਤੀ ਤਿਉਹਾਰ ਹੋਲੀ ਨੂੰ ਹੋਲੇ-ਮਹੱਲੇ ਦਾ ਰੂਪ ਦੇ ਕੇ ਮਨੁੱਖਤਾ ਨੂੰ ਮਰਦਾਨਗੀ ਤੇ ਆਤਮਿਕ ਸ਼ੁੱਧਤਾ ਦੇ ਮੰਡਲਾਂ ਦਾ ਵਾਸੀ ਬਣਾਇਆ ।

ਅੱਜ ਤੇਜ਼ੀ ਨਾਲ ਮਸ਼ੀਨੀਕਰਨ ਅਤੇ ਸਨਅਤੀਕਰਨ ਵੱਲ ਵੱਧ ਰਹੇ ਕੰਪਿਊਟਰ ਯੁੱਗ ਵਿੱਚ ਸ੍ਰੀ ਅਨੰਦਪੁਰ ਸਾਹਿਬ ਦੀ ਤਰ੍ਹਾਂ ਸ੍ਰੀ ਪਾਉਂਟਾ ਸਾਹਿਬ ਵਿਖੇ ਵੀ ਹੋਲੇ-ਮਹੱਲੇ ਦੀ ਰੌਣਕ ਵੀ ਵੇਖਣ ਯੋਗ ਹੁੰਦੀ ਹੈ । ਪਾਉਂਟਾ ਸਾਹਿਬ ਦੀ ਧਰਤੀ ਹਿਮਾਚਲ, ਹਰਿਆਣਾ, ਪੰਜਾਬ, ਦਿੱਲੀ, ਉਤਰਾਂਚਲ ਖਾਸ ਕਰਕੇ ਦੂਨ ਅਤੇ ਤਰਾਈ ਦੇ ਇਲਾਕੇ ਦੀਆਂ ਸਿੱਖ ਸੰਗਤਾਂ ਲਈ ਵਿਸ਼ੇਸ਼ ਖਿੱਚ ਰੱਖਦੀ ਹੈ । ਲੱਖਾਂ ਸਿੱਖ ਸੰਗਤਾਂ ਇਸ ਪਾਵਨ ਧਰਤੀ ਨੂੰ ਨਤਮਸਤਿਕ ਹੁੰਦੀਆਂ ਹਨ ।ਇਹ ਪਾਉਂਟਾ ਸਾਹਿਬ ਦਾ ਇਤਿਹਾਸਕ ਗੁਰੂ ਘਰ ਪਹਾੜੀ ਤੇ ਪੰਜਾਬੀ ਸੱਭਿਆਚਾਰ ਦਾ ਸੁੰਦਰ ਸੁਮੇਲ ਬਣ ਜਾਂਦਾ ਹੈ । ਇਹ ਮੇਲਾ ਚਾਰ ਦਿਨ ਚੱਲਦਾ ਹੈ ।ਇਨ੍ਹਾਂ ਦੀਵਾਨਾਂ ਵਿੱਚ ਕਵੀ ਦਰਬਾਰ, ਕਥਾ-ਕੀਰਤਨ, ਦਰਬਾਰਾਂ ਵਿੱਚ ਗੁਰੂ ਘਰ ਦੇ ਕੀਰਤਨੀਆਂ, ਕਥਾਕਾਰਾਂ, ਕਵੀਆਂ, ਢਾਡੀਆਂ, ਕਵੀਸ਼ਰਾਂ ਨੂੰ ਲਖਾਂ ਸਿੱਖ ਸੰਗਤਾਂ ਸ਼ਰਧਾ ਦੀ ਮੂਰਤੀ ਬਣ ਕੇ ਸਰਵਣ ਕਰਦੀਆਂ ਹਨ ।ਮੇਲੇ ਦੇ ਆਖਰੀ ਦਿਨ ਹਿਮਾਚਲ ਦੇ ਲੋਕ ਆਪਣੇ ਰਵਾਇਤੀ ਪਹਿਰਾਵੇ ਵਿੱਚ ਗੁਰੂ ਸਾਹਿਬ ਨੂੰ ਪ੍ਰਣਾਮ ਕਰਨ ਪੁੱਜਦੇ ਹਨ । ਮੇਲੇ ਨੂੰ ਜਾਣ ਵਾਲੇ ਸਾਰੇ ਰਸਤੇ ਸੰਗਤਾਂ ਦੇ ਕਾਫ਼ਲਿਆਂ ਨਾਲ ਭਰੇ ਨਜ਼ਰ ਆਉਂਦੇ ਹਨ। ਯਮਨਾ ਦਰਿਆ ਕਿਨਾਰੇ ਬਣੀ ਗੁਰਦੁਆਰਾ ਪਾਉਂਟਾ ਸਾਹਿਬ ਦੀ ਆਲੀਸ਼ਾਨ ਸੰਗਮਰਮਰ ਇਮਾਰਤ ਸਿੱਖ ਇਤਿਹਾਸ ਨੂੰ ਆਪਣੇ ਅੰਦਰ ਸਮੋਈ ਬੈਠੀ ਹੈ ।ਗੁਰਦੁਆਰਾ ਕੰਪਲੈਕਸ ਵਿੱਚ ਗੁ: ਦਸਤਾਰ ਅਸਥਾਨ, ਗੁ: ਕਵੀ ਦਰਬਾਰ, ਗੁ: ਕਾਲਪੀ ਰਿਸ਼ੀ ਵੀ ਸੁਸ਼ੋਭਿਤ ਹਨ ।ਸਾਹਿਤਕਾਰਾਂ ਤੇ ਖੋਜੀਆਂ ਲਈ ਇਕ ਵੱਖਰੀ ਇਮਾਰਤ ਵਿਦਿਆਸਰ ਹੈ, ਜਿਸ ਵਿੱਚ ਲਾਇਬਰੇਰੀ ਅਤੇ ਸਿੱਖ ਅਜਾਇਬ ਘਰ ਬਣੇ ਹੋਏ ਹਨ । ਇਸ ਅਸਥਾਨ ਉੱਪਰ 22 ਮਈ, 1964 ਨੂੰ ਇਕ ਵੱਡਾ ਸ਼ਹੀਦੀ ਖ਼ੂਨੀ ਸਾਕਾ ਵੀ ਵਾਪਰਿਆ ।ਗੁਰਦੁਆਰਾ ਸਾਹਿਬ ਨੂੰ ਮਹੰਤਾਂ ਦੇ ਪ੍ਰਬੰਧ ਤੋਂ ਅਜ਼ਾਦ ਕਰਵਾਉਣ ਸਮੇਂ ਗਿਆਰਾਂ ਸਿੰਘਾਂ ਨੂੰ ਸ਼ਹਾਦਤ ਦਾ ਜਾਮ ਪੀਣਾ ਪਿਆ । ਇਸ ਅਸਥਾਨ ਦਾ ਪ੍ਰਬੰਧ ਹਾਈ ਕੋਰਟ ਵੱਲੋਂ ਬਣਾਈ ਪ੍ਰਬੰਧਕ ਕਮੇਟੀ ਕਰਦੀ ਹੈ ।ਜਿਸ ਦਾ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਹੀ ਮੁਖੀ ਹੁੰਦਾ ਹੈ । ਸਾਰਾ ਸਾਲ ਇਸ ਅਸਥਾਨ ਦੀ ਯਾਤਰਾ ਲਈ ਵੱਡੀ ਗਿਣਤੀ ਵਿੱਚ ਸੰਗਤ ਪੁੱਜਦੀ ਹੈ । ਹੋਲੇ-ਮਹੱਲੇ ਦੀ ਰੌਣਕ ਆਪਣੀ ਮਿਸਾਲ ਆਪ ਹੀ ਹੁੰਦੀ ਹੈ ।ਸ੍ਰੀ ਹੇਮਕੁੰਟ ਸਾਹਿਬ ਦੀ ਯਾਤਰਾ ਸਮੇਂ ਹਰ ਰੋਜ਼ ਸੰਗਤ ਇਥੇ ਪੜਾਅ ਕਰਦੀ ਹੈ ।ਚੰਡੀਗੜ੍ਹ ਤੋਂ 120 ਕਿਲੋਮੀਟਰ ਦੂਰ ਵਸਿਆ ਇਹ ਇਤਿਹਾਸਕ ਅਸਥਾਨ ਨਾਹਨ (ਹਿਮਾਚਲ), ਯਮਨਾ ਨਗਰ (ਹਰਿਆਣਾ), ਦੇਹਰਾਦੂਨ (ਉਤਰਾਖੰਡ) ਤੋਂ ਸਿੱਧੀਆਂ ਸੜਕਾਂ ਨਾਲ ਜੁੜਿਆ ਹੋਇਆ ਹੈ ।ਹੋਲੇ-ਮਹੱਲੇ ਦਾ ਇਹ ਜੋੜ-ਮੇਲਾ ਆਤਮਿਕ-ਅਨੰਦ ਵਾਲੇ ਰੰਗੀਨ ਸੁਪਨੇ ਛੱਡ ਜਾਂਦਾ ਹੈ।

ਇੰਪਲਾਈਜ ਫੈਡਰੇਸ਼ਨ ਦੇ ਸੀਨੀਅਰ ਆਗੂ ਸਬ ਡਵੀਜ਼ਨ ਬੰਡਾਲਾ ਤੋਂ ਸ੍ਰੀ ਰਕੇਸ਼ ਕੁਮਾਰ ਇੰਜੀਨੀਅਰ ਅਹੁਦੇ ਤੋਂ ਹੋਏ ਰਿਟਾਇਰ

# ਇਮਾਨਦਾਰੀ ਨਾਲ 30 ਸਾਲ ਡਿਊਟੀ ਨਿਭਾਉਣ ਤੇ ਨਾਲ ਦੇ ਸਾਥੀਆਂ ਕੀਤਾ ਯਾਦ ਪ੍ਰਤਾਪ ਸਿੰਘ ਮੀਤ ਪ੍ਰਧਾਨ

ਜੰਡਿਆਲਾ ਗੁਰੂ 28 ਫਰਵਰੀ ( ਕੁਲਵੰਤ ਸਿੰਘ ਵਿਰਦੀ ) ਅੱਜ 28 ਫਰਵਰੀ ਨੂੰ ਇੰਪਲਾਈਜ ਫੈਡਰੇਸ਼ਨ ਦੇ ਸੀਨੀਅਰ ਆਗੂ ਇੰਜੀਨੀਅਰ ਸ੍ਰੀ ਰਕੇਸ਼ ਕੁਮਾਰ ਸਬ ਡਵੀਜ਼ਨ ਬੰਡਾਲਾ ਦੇ ਅਧੀਨ ਮੰਡਲ ਜੰਡਿਆਲਾ ਗੁਰੂ ਵਿਖੇ ਬਤੌਰ 30 ਸਾਲ ਦੇ ਜੇ ਈ ਦੇ ਅਹੁਦੇ ਤੋਂ ਰਿਟਾਇਰ ਹੋਏ! ਸ੍ਰੀ ਰਕੇਸ਼ ਕੁਮਾਰ ਜੀ ਸੰਨ 1996 ਵਿੱਚ ਬਤੌਰ ਲਾਈਨਮੈਨ ਦੀ ਪੋਸਟ ਤੇ ਭਰਤੀ ਹੋਏ ਸਨ ! ਅੱਜ ਸ੍ਰੀ ਰਾਕੇਸ਼ ਕੁਮਾਰ ਜੀ ਦੀ ਰਿਟਾਇਰਮੈਂਟ ਵਿਦਾਇਗੀ ਮੌਕੇ ਜੰਡਿਆਲਾ ਗੁਰੂ ਦੇ ਪਾਰਟੀ ਹਾਲ ਵਿਖੇ ਸਮੂਹ ਮੁਲਾਜ਼ਮਾਂ ਨਾਲ ਖੁਸੀ ਸਾਂਝੀ ਕੀਤੀ ਗਈ ਅਤੇ ਇਸ ਖੁਸ਼ੀ ਦੇ ਸਮਾਰੋਹ ਮੌਕੇ ਟੀ ਪਾਰਟੀ ਦਾ ਖਾਸ ਪ੍ਰਬੰਧ ਕੀਤਾ ਗਿਆ ਅਤੇ ਸਟੇਜ ਤੇ ਸਟੇਜ ਨੂੰ ਸੰਭਾਲਦਿਆਂ ਹੋਇਆ ਇੰਪਲਾਈਜ ਫੈਡਰੇਸ਼ਨ (ਚਾਹਲ) ਜਥੇਬੰਦੀ ਦੇ ਪੰਜਾਬ ਮੀਤ ਪ੍ਰਧਾਨ ਪ੍ਰਤਾਪ ਸਿੰਘ ਸੁਖੇਵਾਲ ਵੱਲੋਂ ਬਾਖੂਬੀ ਨਿਭਾਉਂਦਿਆਂ ਹੋਇਆ ਵੱਖ ਵੱਖ ਬੁਲਾਰਿਆ ਨੂੰ ਬੋਲਣ ਦਾ ਮੌਕਾ ਦਿੱਤਾ ਇਸ ਮੌਕੇ ਐਸ ਡੀ ਓ ਬੰਡਾਲਾ ਸ੍ਰ ਮਹਿੰਦਰ ਸਿੰਘ, ਐਸ ਡੀ ਓ ਸ੍ਰੀ ਪੰਕਜ ਕੁਮਾਰ, ਜੇ ਈ ਰਣਜੀਤ ਸਿੰਘ, ਜੇ ਈ ਵਿਕਰਮ ਸਿੰਘ ,ਜੇ ਈ ਜਸਬੀਰ ਸਿੰਘ, ਕਰਨ ਸਿੰਘ, ਸਤੀਸ਼ ਕੁਮਾਰ, ਮਨਿੰਦਰ ਸਿੰਘ ਮਨੀ ਜੰਡਿਆਲਾ ਗੁਰੂ ਡਵੀਜ਼ਨ ਪ੍ਰਧਾਨ ,ਸੁਖਦੇਵ ਸਿੰਘ ਵਰਪਾਲ, ਹਰਮੀਤ ਸਿੰਘ, ਗੁਰਸੇਵਕ ਸਿੰਘ, ਵਰਿੰਦਰ ਸਿੰਘ, ਗੁਰਦੇਵ ਸਿੰਘ, ਲਖਬੀਰ ਸਿੰਘ ਆਦਿ ਵੱਲੋਂ ਸ੍ਰੀ ਰਕੇਸ਼ ਕੁਮਾਰ ਜੀ ਨੂੰ ਹਾਰ ਪਾ ਕੇ ਯਾਦਗਾਰੀ ਗਿਫਟ ਦੇ ਕਿ ਸਨਮਾਨਿਤ ਕੀਤਾ ਅਤੇ ਰਕੇਸ਼ ਕੁਮਾਰ ਨਾਲ ਡਿਊਟੀ ਦੌਰਾਨ ਬਤੀਤ ਕੀਤੇ ਸਮੇਂ ਨੂੰ ਯਾਦ ਕਰਦਿਆ ਹੋਇਆ ਆਪਣੇ ਦਿਲ ਦੀਆਂ ਭਾਵਨਾਵਾਂ ਤੋਂ ਖੁਸੀ ਸਾਂਝੀ ਕਰਦਿਆ ਸ੍ਰੀ ਰਕੇਸ਼ ਕੁਮਾਰ ਜੀ ਨੂੰ ਵਧਾਈ ਦਿੱਤੀ ਅਤੇ ਬੋਲਦਿਆਂ ਹੋਇਆ ਕਿਹਾ ਕਿ ਸ੍ਰੀ ਰਕੇਸ਼ ਕੁਮਾਰ ਜੀ ਨੇ ਇਮਾਨਦਾਰੀ ਨਾਲ ਆਪਣੀ ਡਿਊਟੀ ਦਾ ਸਮਾਂ ਬਹੁਤ ਹੀ ਸੁਚੱਜੇ ਢੰਗ ਨਾਲ ਬਤੀਤ ਕੀਤਾ ਜਿਸ ਨੂੰ ਹਮੇਸ਼ਾ ਹੀ ਯਾਦ ਰੱਖਿਆ ਜਾਵੇਗਾ!



# ‘ਇੱਕ ਸਦੀ ਦੀ ਮੌਤ’ ਨਾਵਲ ਲੋਕ ਅਰਪਣ ਅੱਜ

ਪੰਜਾਬੀ ਸਾਹਿਤ ਸਭਾ ਧੂਰੀ ਜ਼ਿਲ੍ਹਾ ਸੰਗਰੂਰ ਦਾ ਮਹੀਨਾਵਾਰ ਸਾਹਿਤਕ ਸਮਾਗਮ ਹਰ ਵਾਰੀ ਦੀ ਤਰ੍ਹਾਂ ਪਹਿਲੇ ਐਤਵਾਰ 01 ਮਾਰਚ 2026 ਨੂੰ ਡਾ.ਰਾਮ ਸਿੰਘ ਸਿੱਧੂ ਯਾਦਗਾਰੀ ਸਾਹਿਤ ਭਵਨ ਵਿਖੇ ਸਵੇਰੇ 10 ਵਜੇ ਕੀਤਾ ਜਾ ਰਿਹਾ ਹੈ , ਜਿਸ ਵਿੱਚ ਸਭਾ ਦੇ ਸਰਪ੍ਰਸਤ ਜਗਦੇਵ ਸ਼ਰਮਾ ਬੁਗਰਾ ਦਾ ਪਲੇਠਾ ਨਾਵਲ “ ਇੱਕ ਸਦੀ ਦੀ ਮੌਤ“ ਦੀ ਘੁੰਡ ਚੁਕਾਈ ਕੀਤੀ ਜਾਵੇਗੀ ।ਨਾਵਲ ਬਾਰੇ ਸੰਖੇਪ ਜਾਣਕਾਰੀ ਪ੍ਰਿੰਸੀਪਲ ਸੁਖਜੀਤ ਕੌਰ ਸੋਹੀ ਪੇਸ਼ ਕਰਨਗੇ ਕਿਉਂਕਿ ਇਸ ਦੇ ਖਰੜੇ ਉੱਪਰ ਗੋਸ਼ਟੀ ਪਹਿਲਾਂ ਕਰਵਾਈ ਜਾ ਚੁੱਕੀ ਹੈ । ਸਭਾ ਦੇ ਪ੍ਰਧਾਨ ਮੂਲ ਚੰਦ ਸ਼ਰਮਾ , ਜਨਰਲ ਸਕੱਤਰ ਚਰਨਜੀਤ ਸਿੰਘ ਮੀਮਸਾ ਅਤੇ ਵਿੱਤ ਸਕੱਤਰ ਗੁਰਮੀਤ ਸਿੰਘ ਸੋਹੀ ਨੇ ਪ੍ਰੈੱਸ ਨੂੰ ਇਹ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਤੋਂ ਇਲਾਵਾ ਜਨਵਰੀ ਮਹੀਨੇ ਤੋਂ ਸ਼ੁਰੂ ਕੀਤੇ ਕਵਿਤਾ ਸਕੂਲ ਦਾ ਅਗਲਾ ਪਾਠ , ਮਾਰਚ ਮਹੀਨੇ ਵਿੱਚ ਜਨਮੇਂ ਮੈਂਬਰਾਂ ਦਾ ਸਨਮਾਨ ਅਤੇ ਹਾਜ਼ਰ ਕਵੀਆਂ ਵੱਲੋਂ ਮਾਤ ਭਾਸ਼ਾ ਦਿਵਸ ਅਤੇ ਨਾਰੀ ਦਿਵਸ ਨੂੰ ਸਮਰਪਿਤ ਆਪਣੀਆਂ ਸੱਜਰੀਆਂ ਅਤੇ ਚੋਣਵੀਆਂ ਰਚਨਾਵਾਂ ਵੀ ਪੇਸ਼ ਕੀਤੀਆਂ ਜਾਣਗੀਆਂ।

# ਹਰ ਪਰਿਵਾਰ ਨੂੰ ਸਰਕਾਰੀ ਅਤੇ ਨਿੱਜੀ ਹਸਪਤਾਲਾਂ ਵਿੱਚ ਮਿਲੇਗਾ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ: ਅਮਨ ਅਰੋੜਾ



ਸੁਨਾਮ ਊਧਮ ਸਿੰਘ ਵਾਲਾ (ਰਣਜੀਤ ਸਿੰਘ ਪੇਧਨੀ ) ਪੰਜਾਬ ਦੇ ਕੈਬਨਿਟ ਮੰਤਰੀ ਅਤੇ ਹਲਕਾ ਸੁਨਾਮ ਤੋਂ ਵਿਧਾਇਕ ਸ਼੍ਰੀ ਅਮਨ ਅਰੋੜਾ ਨੇ ਅੱਜ ਸੁਨਾਮ ਊਧਮ ਸਿੰਘ ਵਾਲਾ ਦੇ ਨਵੇਂ ਵਾਰਡ ਨੰ. 9 ਅਤੇ ਪੁਰਾਣੇ ਵਾਰਡ ਨੰ..12, ਮੁਹੱਲਾ ਕੋਕੋ ਮਾਜਰੀ, ਵਿੱਚ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਰਜਿਸਟ੍ਰੇਸ਼ਨ ਮੁਹਿੰਮ ਦੀ ਸ਼ੁਰੂਆਤ ਕਰਵਾਈ। ਇਸ ਮੌਕੇ ਮੰਤਰੀ ਅਮਨ ਅਰੋੜਾ ਨੇ ਲੋਕਾਂ ਨੂੰ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ 10 ਰੁਪਏ ਤੱਕ ਮੁਫ਼ਤ ਇਲਾਜ ਦੇ ਲਾਭਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਅਤੇ ਸਿਹਤ ਕਾਰਡ ਬਣਾਉਣ ਦੀ ਪੂਰੀ ਪ੍ਰਕਿਰਿਆ ਨੂੰ ਅਸਾਨ ਸ਼ਬਦਾਂ ਵਿੱਚ ਸਮਝਾਇਆ। ਮੰਤਰੀ ਅਮਨ ਅਰੋੜਾ ਨੇ ਦੱਸਿਆ ਕਿ ਇਸ ਯੋਜਨਾ ਤਹਿਤ ਪੂਰੇ ਪੰਜਾਬ ਦੇ ਲਗਭਗ 65 ਲੱਖ ਪਰਿਵਾਰਾਂ ਨੂੰ ਕਵਰ ਕੀਤਾ ਜਾ ਰਿਹਾ ਹੈ, ਜਿਸ ਨਾਲ ਕਰੀਬ 3 ਕਰੋੜ ਲੋਕਾਂ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਮਿਲੇਗਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਦਾ ਕਾਰਡ ਆਪਣੇ ਆਪ ਵਿੱਚ ਇੱਕ ਨਵੇਕਲੀ ਸ਼ੁਰੂਆਤ ਹੈ, ਜੋ ਪੰਜਾਬ ਦੇ ਸਿਹਤ ਖੇਤਰ ਨੂੰ ਮਜ਼ਬੂਤ ਕਰਨ ਵਿੱਚ ਮੀਲ ਪੱਥਰ ਸਾਬਤ ਹੋਵੇਗਾ। ਕੈਬਨਿਟ ਮੰਤਰੀ ਨੇ ਸਪੱਸ਼ਟ ਕੀਤਾ ਕਿ ਇਸ ਯੋਜਨਾ ਅਧੀਨ ਸਿਹਤ ਕਾਰਡ ਬਣਵਾਉਣ ਲਈ ਕਿਸੇ ਵੀ ਕਿਸਮ ਦੀ ਫੀਸ ਨਹੀਂ ਦੇਣੀ ਪਵੇਗੀ। ਸਰਕਾਰ ਵੱਲੋਂ ਬੀਮਾ ਕੰਪਨੀ ਨੂੰ ਪਹਿਲਾਂ ਹੀ ਰਕਮ ਅਦਾ ਕੀਤੀ ਜਾ ਚੁੱਕੀ ਹੈ, ਤਾਂ ਜੋ ਆਮ ਲੋਕ ਬਿਨਾਂ ਕਿਸੇ ਵਿੱਤੀ ਬੋਝ ਦੇ ਉੱਚ-ਪੱਧਰੀ ਸਿਹਤ ਸੇਵਾਵਾਂ ਦਾ ਲਾਭ ਲੈ ਸਕਣ। ਉਨ੍ਹਾਂ ਕਿਹਾ ਕਿ ਸਰਕਾਰੀ ਅਤੇ ਸੂਚੀਬੱਧ ਨਿੱਜੀ ਹਸਪਤਾਲਾਂ ਵਿੱਚ ਇਸ ਕਾਰਡ ਦੇ ਜ਼ਰੀਏ ਇਲਾਜ ਮੁਹੱਈਆ ਕਰਵਾਇਆ ਜਾਵੇਗਾ। ਸ਼੍ਰੀ ਅਮਨ ਅਰੋੜਾ ਨੇ ਕਿਹਾ ਕਿ ਇਸ ਯੋਜਨਾ ਤਹਿਤ ਹਰ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਦੀ ਸਹੂਲਤ ਮਿਲੇਗੀ ਅਤੇ ਸਮਾਜ ਦੇ ਆਰਥਿਕ ਤੌਰ ’ਤੇ ਗਰੀਬ ਵਰਗ ਦੇ ਲੋਕ ਹੁਣ ਨਿੱਜੀ ਹਸਪਤਾਲਾਂ ਵਿੱਚ ਵੀ ਇਲਾਜ ਲੈ ਸਕਣਗੇ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਹ ਯੋਜਨਾ ਇਹ ਯਕੀਨੀ ਬਣਾਉਣ ਲਈ ਤਿਆਰ ਕੀਤੀ ਗਈ ਹੈ ਕਿ ਸੂਬੇ ਦਾ ਕੋਈ ਵੀ ਨਾਗਰਿਕ ਵਿੱਤੀ ਤੰਗੀਆਂ-ਤੁਰਸ਼ੀਆਂ ਕਾਰਨ ਮਿਆਰੀ ਸਿਹਤ ਸੰਭਾਲ ਸੇਵਾਵਾਂ ਤੋਂ ਵਾਂਝਾ ਨਾ ਰਹੇ। ਕੈਬਨਿਟ ਮੰਤਰੀ ਨੇ ਅੱਗੇ ਦੱਸਿਆ ਕਿ ਇਸ ਯੋਜਨਾ ਅਧੀਨ ਸਾਰੀਆਂ ਦਵਾਈਆਂ ਦੇ ਨਾਲ-ਨਾਲ ਡਾਇਗਨੌਸਟਿਕ ਟੈਸਟ ਵੀ ਮੁਫ਼ਤ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਇਸ ਤਹਿਤ ਨਾਗਰਿਕਾਂ ਨੂੰ ਆਰਥੋਪੈਡਿਕਸ, ਜਨਰਲ ਮੈਡੀਸਨ, ਕਾਰਡੀਓਲੋਜੀ, ਨਿਊਰੋਲੋਜੀ, ਨੈਫਰੋਲੋਜੀ, ਯੂਰੋਲੋਜੀ, ਓਨਕੋਲੋਜੀ ਅਤੇ ਹੋਰ ਉੱਨਤ ਮੈਡੀਕਲ ਸ਼੍ਰੇਣੀਆਂ ਵਿੱਚ ਵਿਸ਼ੇਸ਼ ਇਲਾਜ ਸੇਵਾਵਾਂ ਮਿਲਣਗੀਆਂ। ਉਨ੍ਹਾਂ ਸਪੱਸ਼ਟ ਕੀਤਾ ਕਿ ਇਸ ਯੋਜਨਾ ਅਧੀਨ ਹਸਪਤਾਲਾਂ ਵਿੱਚ ਇਲਾਜ ਦੀ ਪੂਰੀ ਲਾਗਤ ਦੇ ਨਾਲ-ਨਾਲ ਡਾਇਗਨੌਸਟਿਕ ਸੇਵਾਵਾਂ ਨੂੰ ਪੂਰੀ ਤਰ੍ਹਾਂ ਕਵਰ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਸੂਬਾ ਸਰਕਾਰ ਦਾ ਇਹ ਇਤਿਹਾਸਕ ਕਦਮ ਸੂਬੇ ਦੇ ਲੋਕਾਂ ਨੂੰ ਮਿਆਰੀ ਤੇ ਮੁਫ਼ਤ ਮੈਡੀਕਲ ਸੇਵਾਵਾਂ ਦੇਣ ਵਿੱਚ ਅਹਿਮ ਸਾਬਤ ਹੋਵੇਗਾ। ਇਸ ਮੌਕੇ ਮਾਰਕਿਟ ਕਮੇਟੀ ਚੇਅਰਮੈਨ ਮੁਕੇਸ਼ ਜੁਨੇਜਾ, ਉਨ੍ਹਾਂ ਦੇ ਮਾਤਾ ਸ਼ਸ਼ੀ ਬਾਲਾ, ਨਿਸ਼ਾਨ ਸਿੰਘ ਟੋਨੀ ਨਗਰ ਕੌਂਸਲ ਪ੍ਰਧਾਨ, ਭਗੀਰਥ ਘੀਰਾ, ਸਨੀ ਕਾਂਸਲ ਐਮ.ਸੀ., ਦਿਲਬਹਾਰ ਬਿੱਟਾ, ਅਮਰ ਨਾਗਪਾਲ ,ਰੁਲਦੂ ਰਾਮ ਮਿੱਤਲ ,ਪਵਨ ਸੈਕਟਰੀ, ਸੋਹਣ ਲਾਲ ਖੀਪਲਾ, ਮਾਲਵਿੰਦਰ ਭਾਰਦਵਾਜ , ਸਤਿੰਦਰ ਪੱਪ, ਸੰਜੀਵ ਪੋਪਲੀ, ਰੰਮੀ ਅਤੇ ਵੱਡੀ ਗਿਣਤੀ ਵਿੱਚ ਆਮ ਆਦਮੀ ਪਾਰਟੀ ਵਰਕਰ ਅਤੇ ਇਲਾਕਾ ਵਾਸੀ ਹਾਜ਼ਰ ਸਨ।

# ਸਤਿਆ ਮੇਵ ਜਾਇਤੇ ਸਦਾ ਸੱਚ ਦੀ ਜਿੱਤ : ਸ ਤਲਬੀਰ ਸਿੰਘ ਗਿੱਲ

**ਚੌਕ ਮਹਿਤਾ , 28 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਅੱਜ ਅਦਾਲਤ ਵੱਲੋਂ ਸ਼੍ਰੀ ਅਰਵਿੰਦ ਕੇਜਰੀਵਾਲ ਅਤੇ ਸੀ ਮਨੀਸ਼ ਸ਼ਿਸੋਦੀਆ ਜੀ ਦੀ ਦੇ ਬਰੀ ਹੋਣ ਨਾਲ ਸੱਚ ਦੀ ਜਿੱਤ ਹੋਈ ਹੈ ਇਹ ਗੱਲ ਅੱਜ ਆਮ ਆਦਮੀ ਪਾਰਟੀ ਹਲਕਾ ਮਜੀਠਾ ਦੇ ਇੰਚਾਰਜ ਸ ਤਲਬੀਰ ਸਿੰਘ ਗਿੱਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਉਹਨਾਂ ਕਿਹਾ ਕਿ ਇਸ ਫੈਸਲੇ ਨਾਲ ਸੱਚ ਦੀ ਜਿੱਤ ਹੋਈ ਹੈ ।ਤੇ ਜੋ ਦੋ ਸਾਲ ਉਹਨਾਂ ਬਿਨਾਂ ਗੱਲ ਤੋ ਹੀ ਜੇਲ ਵਿੱਚ ਦੁੱਖ ਭੋਗਿਆ ਹੈ ਇਸ ਬਾਰੇ ਲੋਕਾਂ ਨੂੰ ਪਤਾ ਲੱਗ ਗਿਆ ਹੈ ਕਿ ਇਹ ਉਹਨਾਂ ਨਾਲ ਬੇਇਨਸਾਫੀ ਹੋਈ ਹੈ ।ਅੱਜ ਅਸਲ ਵਿੱਚ ਸੱਚ ਦੀ ਜਿੱਤ ਹੋਈ ਹੈ ਤੇ ਦੁੱਧ ਦਾ ਦੁੱਧ ਤੇ ਪਾਣੀ ਦਾ ਪਾਣੀ ਹੋਇਆ ਹੈ ਅੱਜ ਅਰਵਿੰਦ ਕੇਜਰੀਵਾਲ ਜੀ ਨਾਲ ਸਾਰਾ ਪੰਜਾਬ ਖੜਾ ਹੈਇਸ ਮੌਕੇ ਉਹਨਾਂ ਨਾਲ ਕਿਰਪਾਲ ਸਿੰਘ ਇੰਚਾਰਜ ਸੰਗਠਨ ਨਿਸ਼ਾਨ ਸਿੰਘ ਅਰਜਮਾਂਗਾ ਮੀਡੀਆ ਸਲਾਹਕਾਰ ਰਾਵਿੰਦਰ ਸਿੰਘ ਕਲੇਰ ਮੀਡੀਆ ਕੋਆਰਡੀਨੇਟਰ ਪਰਮਿੰਦਰ ਸਿੰਘ ਉਪਲ ਮਨਜੀਤ ਸਿੰਘ ਟਾਹਲੀ ਸਾਹਿਬ ਇਨਚਾਰਜ ਬੀ ਸੀ ਵਿੰਗ ਬਲਬੀਰ ਸਿੰਘ ਬੋਪਾਰਾਏ ਜਿਲ੍ਹਾ ਪ੍ਰਧਾਨ ਰਾਜ ਕੁਮਾਰ ਜੀ ਐਸਸੀ ਵਿੰਗ ਪ੍ਰਧਾਨ ਸ ਰੇਸ਼ਮ ਸਿੰਘ ਪ੍ਰਧਾਨ ਕਿਸਾਨ ਵਿੰਗ ਬਲਵਿੰਦਰ ਸਿੰਘ ਛੀਨਾ ਸਿਆਸੀ ਸਲਾਹਕਾਰ ਮਲਕੀਤ ਸਿੰਘ ਭੋਏ ਓਐਸਡੀ ਪਰਮਜੀਤ ਸਿੰਘ ਮੱਤੇਵਾਲ ਮੈਂਬਰ ਜਿਲਾ ਪ੍ਰੀਸ਼ਦ ਲਵਪ੍ਰੀਤ ਸਿੰਘ ਯੂਥ ਵਿੰਗ ਪ੍ਰਧਾਨ ਸ਼ਿਵ ਜੀ ਭੀਲੋਵਾਲ ਹੁਸਨਪ੍ਰੀਤ ਸਿੰਘ ਸਿਆਲਕਾ ਮੈਂਬਰ ਜਿਲਾ ਪ੍ਰੀਸ਼ਦ ਤਰਸੇਮ ਸਿੰਘ ਸਿਆਲਕਾ ਜੀ ਚੇਅਰਮੈਨ ਸਿਕੰਦਰ ਸਿੰਘ ਖਿੱਦੋ ਵਾਲੀ ਬਲਾਕ ਸੰਮਤੀ ਮੈਂਬਰ ਮਨਜਿੰਦਰ ਸਿੰਘ ਮਾਂਗਾ ਸਿਰਾਏ ਬਲਾਕ ਪ੍ਰਧਾਨ ਸਾਹਿਬ ਸਿੰਘ ਰੰਗੀਲਪੁਰ ਬਲਾਕ ਪ੍ਰਧਾਨ ਲਛਮਣ ਸਿੰਘ ਅਬਦਾਲ ਵਿਕੀ ਚਵਿੰਡਾ ਏਪੀ ਚਵਿੰਡਾ ਬੱਬੀ ਸਰਪੰਚ ਸਵਰਨ ਸਿੰਘ ਕੁਰਾਲੀਆਂ ਧੰਨਾ ਸਿੰਘ ਢੱਡੇ ਜੀ ਅਤੇ ਵੱਖ-ਵੱਖ ਪਿੰਡਾਂ ਤੋਂ ਆਏ ਸਰਪੰਚ ਪੰਚ ਅਤੇ ਹੋਰ ਵਲੰਟੀਅਰ ਸਾਥੀ ਵੀ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

## ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਪੰਥਕ ਬੁਲਾਰੇ ਭਗਵਾਨ ਸਿੰਘ ਜੌਹਲ ਨੇ

# ਸ਼ਹੀਦ ਜਥੇਦਾਰ ਕਿਸ਼ਨ ਸਿੰਘ ਗੜਗੱਜ ਨੂੰ ਅਦੁੱਤੀ ਸ਼ਹੀਦੀ ਵਜੋਂ ਯਾਦ ਕੀਤਾ





ਤਸਵੀਰ ਵਿੱਚ ਸ਼ਹੀਦ ਦੇ ਸਰੂਪ ਨੂੰ ਫੁੱਲ ਮਾਲਾ ਭੇਂਟ ਕਰਦੇ ਹੋਏ ਅਤੇ ਸਨਮਾਨ ਪ੍ਰਾਪਤ ਕਰਦੇ ਹੋਏ ਸ. ਭਗਵਾਨ ਸਿੰਘ ਜੌਹਲ

**ਫਗਵਾੜਾ/ਜਲੰਧਰ, 28 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਬੱਬਰ ਅਕਾਲੀ ਲਹਿਰ ਦੇ ਮੋਢੀ ਸ਼ਹੀਦ ਜਥੇਦਾਰ ਕਿਸ਼ਨ ਸਿੰਘ ਗੜਗੱਜ ਅਤੇ ਉਨ੍ਹਾਂ ਦੇ ਸਾਥੀ ਸ਼ਹੀਦਾਂ ਦੀ ਯਾਦ ਵਿੱਚ ਮਹਾਨ ਸ਼ਹੀਦੀ ਸਮਾਗਮ ਪਹਿਲੀ ਸ਼ਹੀਦੀ ਸ਼ਤਾਬਦੀ ਦੇ ਸਬੰਧ ਵਿੱਚ ਉਨ੍ਹਾਂ ਦੇ ਪਿਤਾ-ਪੁਰਖੀ ਨਗਰ ਪਿੰਡ ਬੜਿੰਗ ਜਲੰਧਰ ਸ਼ਹਿਰ ਵਿਖੇ ਜਲੰਧਰ-ਫਗਵਾੜਾ ਜੀ. ਟੀ. ਰੋਡ 'ਤੇ ਉਨ੍ਹਾਂ ਦੇ ਸ਼ਹੀਦੀ ਸਮਾਰਕ ਵਿਖੇ ਸ਼ਹੀਦ ਯਾਦ ਵਿੱਚ ਬਣੀ ਯਾਦਗਾਰੀ ਕਮੇਟੀ ਵੱਲੋਂ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਕਰਵਾਇਆ ਗਿਆ। ਸ਼ਹੀਦ ਦੀ 100 ਸਾਲਾ ਪਹਿਲੀ ਸ਼ਤਾਬਦੀ ਸਮੇਂ ਤਿੰਨ ਦਿਨਾਂ ਹਾਕੀ ਟੂਰਨਾਮੈਂਟ ਅਤੇ ਕਬੱਡੀ ਮੁਕਾਬਲੇ ਵੀ ਕਰਵਾਏ ਗਏਹ। ਇਨ੍ਹਾਂ ਸਮਾਗਮਾਂ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਸ਼ਹੀਦ ਜਥੇਦਾਰ ਕਿਸ਼ਨ ਸਿੰਘ ਗੜਗੱਜ ਨੂੰ ਬੱਬਰ ਅਕਾਲੀ ਲਹਿਰ ਦੇ ਮੋਢੀ ਸ਼ਹੀਦੀ ਵਜੋਂ ਯਾਦ ਕਰਦਿਆਂ ਉਨ੍ਹਾਂ ਨੂੰ ਗੁਰਦੁਆਰਾ ਸੁਧਾਰ ਲਹਿਰ ਦੇ ਉਹ ਸ਼ਹੀਦ ਦੱਸਿਆ, ਜਿਨ੍ਹਾਂ ਨੂੰ ਉਨ੍ਹਾਂ ਦੇ 5 ਸਾਥੀਆਂ ਸਮੇਤ ਫਾਂਸੀ ਦੇ ਫੰਦੇ ਨੂੰ ਚੁੰਮਦਿਆਂ ਮਹਾਨ ਕੁਰਬਾਨੀ ਦਿੱਤੀ। ਇਸ ਸਮੇਂ ਬੋਲਦਿਆਂ ਪ੍ਰਸਿੱਧ ਸਿੱਖ ਚਿੰਤਕ ਤੇ ਪੰਥਕ ਬੁਲਾਰੇ ਸ. ਭਗਵਾਨ ਸਿੰਘ ਜੌਹਲ ਨੇ ਬੱਬਰ ਅਕਾਲੀ ਲਹਿਰ ਦੇ ਇਤਿਹਾਸ ਤੇ ਵਿਸਥਾਰ ਪੂਰਵਕ ਚਾਨਣਾ ਪਾਇਆ। ਇਲਾਕੇ ਦੀ ਸੰਗਤ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਭਰੀ। ਇਸ ਮੌਕੇ ਰਾਜਨੀਤਿਕ, ਧਾਰਮਿਕ ਤੇ ਸਮਾਜਿਕ ਜਥੇਬੰਦੀਆਂ ਦੇ ਆਗੂ ਵੀ ਪੁੱਜੇ ਹੋਏ ਸਨ। ਪ੍ਰਸਿੱਧ ਢਾਡੀ ਗਿਆਨੀ ਅਮਰਜੀਤ ਸਿੰਘ ਜੌਹਲ ਬਿਧੀਪੁਰੀਆ ਨੇ ਬੱਬਰ ਅਕਾਲੀ ਲਹਿਰ ਨੂੰ ਪੰਜਾਬ ਦੇ ਯੋਧਿਆਂ ਦੀ ਕੁਰਬਾਨੀ ਦੀ ਗਾਥਾ ਨੂੰ ਬਿਆਨ ਕੀਤਾ।

## ਮਨੁੱਖਤਾ ਦੀ ਸੇਵਾ ਨੂੰ ਸਮਰਪਿਤ ਮਾਂ ਕੀ ਗੋਦ ਵੈਲਫੇਅਰ ਟਰੱਸਟ ਨੂੰ

# ਜਥੇਦਾਰ ਦਾਦੂਵਾਲ ਜੀ ਵਲੋਂ ਐਬੂਲੈਂਸ ਭੇਂਟ





**ਤਲਵੰਡੀ ਸਾਬੋ, 28 ਫਰਵਰੀ (ਗੁਰਜੰਟ ਸਿੰਘ ਨਥੇਹਾ)**- ਮਨੁੱਖਤਾ ਦੀ ਸੇਵਾ ਨੂੰ ਸਮਰਪਿਤ ਮਾਂ ਕੀ ਗੋਦ ਵੈਲਫੇਅਰ ਟਰੱਸਟ ਰੋੜੀ ਪ੍ਰਧਾਨ ਸਵਰਾਜ ਸਿੰਘ ਝੋਰੜ ਅਤੇ ਸਾਥੀਆਂ ਨੇ ਇਲਾਕੇ ਦੀ ਪੰਥ ਪ੍ਰਸਿੱਧ ਧਾਰਮਿਕ ਸ਼ਖਸ਼ੀਅਤ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਸੁੱਖ ਸੇਵਾ ਸਿਮਰਨ ਟਰੱਸਟ ਕੋਲ ਪੁੱਜ ਕੇ ਇੱਕ ਐਬੂਲੈਂਸ ਕਾਰ ਵਾਸਤੇ ਬੇਨਤੀ ਕੀਤੀ ਤਾਂ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਜੋ ਕੇ ਹਮੇਸ਼ਾ ਹੀ ਧਰਮ ਪ੍ਰਚਾਰ ਪ੍ਰਸਾਰ ਦੇ ਨਾਲ ਨਾਲ ਮਨੁੱਖਤਾ ਦੀ ਸੇਵਾ ਨੂੰ ਸਮਰਪਿਤ ਰਹਿੰਦੇ ਹਨ ਅਤੇ ਹਰ ਸਾਲ ਆਪਣੇ ਅਸਥਾਨ ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਵਿਖੇ 21 ਲੋੜਵੰਦ ਪਰਿਵਾਰਾਂ ਦੀਆਂ ਬੱਚੀਆਂ ਦੇ ਆਨੰਦ ਕਾਰਜ ਕਰਵਾ ਕੇ ਉਨਾਂ ਨੂੰ ਘਰ ਦੇ ਵਰਤੋਂ ਵਿਹਾਰ ਦਾ ਸਾਜੋ ਸਮਾਨ ਦੇ ਕੇ ਵਿਦਾ ਕਰਦੇ ਹਨ ਅਤੇ ਹੋਰ ਵੀ ਬਹੁਤ ਸਾਰੀਆਂ ਸਮਾਜ ਭਲਾਈ ਦੀਆਂ ਸੇਵਾਵਾਂ ਅਤੇ ਨੌਜਵਾਨਾ ਨੂੰ ਨਸ਼ਿਆਂ ਤੋਂ ਰਹਿਤ ਕਰਕੇ ਖੇਡਾਂ ਵੱਲ ਪ੍ਰੇਰਿਤ ਕਰਨ ਲਈ ਆਪਣਾ ਬਣਦਾ ਯੋਗਦਾਨ ਪਾਉਂਦੇ ਰਹਿੰਦੇ ਹਨ ਉਨਾਂ ਨੇ ਮਾਂ ਕੀ ਗੋਦ ਵੈਲਫੇਅਰ ਟਰੱਸਟ ਰੋੜੀ ਦੀ ਬੇਨਤੀ ਨੂੰ ਪ੍ਰਵਾਨ ਕਰਦਿਆਂ ਇੱਕ ਐਬੂਲੈਂਸ ਗੱਡੀ ਉਨਾਂ ਨੂੰ ਭੇਂਟ ਕੀਤੀ ਮਾਂ ਕੀ ਗੋਦ ਵੈਲਫੇਅਰ ਟਰੱਸਟ ਰੋੜੀ ਦੇ ਪ੍ਰਧਾਨ ਸਵਰਾਜ ਸਿੰਘ ਝੋਰੜ ਨੇ ਗੱਲਬਾਤ ਕਰਦਿਆਂ ਦੱਸਿਆ ਕੇ ਉਨਾਂ ਵੱਲੋਂ ਐਕਸੀਡੈਂਟ ਮਰੀਜ਼ਾਂ ਨੂੰ ਹਸਪਤਾਲ ਪਹੁੰਚਾਉਣਾ ਬਜ਼ੁਰਗਾਂ ਕੰਨਾਂ ਵਾਲੀਆਂ ਮਸ਼ੀਨਾਂ ਭੇਂਟ ਕਰਨਾ ਵਾਕਰ ਵੀਲ ਚੇਅਰਾਂ ਭੇਂਟ ਕਰਨੀਆਂ ਅਜਿਹੇ ਕਾਰਜ ਨਿਰੰਤਰ ਕੀਤੇ ਜਾਂਦੇ ਹਨ ਉਨਾਂ ਦੱਸਿਆ ਕੇ ਉਨਾਂ ਕੋਲ ਜੋ ਪਹਿਲਾਂ ਐਬੂਲੈਂਸ ਗੱਡੀ ਸੇਵਾ ਵਿੱਚ ਹਾਜ਼ਰ ਸੀ ਉਹ ਬਹੁਤ ਪੁਰਾਣੀ ਖ਼ਸਤਾ ਹਾਲਤ ਵਿੱਚ ਹੋ ਚੁੱਕੀ ਸੀ ਅਤੇ ਹਮੇਸ਼ਾ ਖ਼ਰਾਬ ਰਹਿੰਦੀ ਸੀ ਤਾਂ ਉਨਾਂ ਨੇ ਕਈ ਐਮ ਐਲ ਏ ਅਤੇ ਐਮ ਪੀ ਨੂੰ ਐਬੂਲੈਂਸ ਵਾਸਤੇ ਫਰਿਆਦ ਕੀਤੀ ਪਰ ਕਿਸੇ ਨੇ ਉਨਾਂ ਦੀ ਸੁਣਵਾਈ ਨਹੀਂ ਕੀਤੀ ਜਦੋਂ ਅਸੀਂ ਜਥੇਦਾਰ ਦਾਦੂਵਾਲ ਜੀ ਨੂੰ ਆ ਕੇ ਬੇਨਤੀ ਕੀਤੀ ਤਾਂ ਉਨਾਂ ਤੁਰੰਤ ਸਾਡੀ ਬੇਨਤੀ ਨੂੰ ਪ੍ਰਵਾਨ ਕਰਦੇ ਹੋਏ ਸਾਨੂੰ ਇੱਕ ਐਬੂਲੈਂਸ ਗੱਡੀ ਅੱਜ ਸਾਡੇ ਹਵਾਲੇ ਕੀਤੀ ਹੈ ਅਸੀਂ ਜਥੇਦਾਰ ਦਾਦੂਵਾਲ ਜੀ ਦਾ ਆਪਣੇ ਟਰੱਸਟ ਅਤੇ ਇਲਾਕੇ ਦੀਆਂ ਸੰਗਤਾਂ ਵੱਲੋਂ ਬਹੁਤ ਬਹੁਤ ਧੰਨਵਾਦ ਕਰਦੇ ਹਾਂ ਇਸ ਵੇਲੇ ਸਵਰਾਜ ਸਿੰਘ ਝੋਰੜ ਦੇ ਨਾਲ ਬੀਬੀ ਦਰਸ਼ਨ ਕੌਰ ਜੌੜਾ ਕਾਲਾਂਵਾਲੀ, ਨਿਰਮਲ ਸਿੰਘ ਪੰਚ,ਗੁਰਤੇਜ ਸਿੰਘ ਵਾਂਦਰ,ਸ਼ਿਵਜੰਟ ਸਿੰਘ ਖਾਲਸਾ,ਭੋਲਾ ਚੀਨੀ,ਕੇਵਲ ਸਿੰਘ,ਕੇਸ਼ਰ ਮੈਂਬਰ, ਜਸਕਰਨ ਸਿੰਘ,ਗੁਰਸੇਵਕ ਸਿੰਘ, ਬਲੌਰ ਸਿੰਘ,ਮੰਦਰ ਸਿੰਘ,ਜੀਤ ਖਾਨ,ਬਲਵਿੰਦਰ ਸਿੰਘ ਪੰਚ,ਜੱਸਾ ਸਰਪੰਚ,ਮੇਜਰ ਸਿੰਘ ਭੱਟੀ ਸਰਪੰਚ,ਗੁਰਮੇਲ ਸਿੰਘ ਚੇਅਰਮੈਨ,ਸਰਪੰਚ ਦਰਸ਼ਨ ਸਿੰਘ,ਓਮ ਪ੍ਰਕਾਸ਼ ਚੌਟਾਲਾ,ਲਾਭ ਸਿੰਘ ਪੰਚ,ਪਾਲੀ ਮੈਂਬਰ,ਮਹਿਮਾ ਸਿੰਘ, ਸੁਖਦੇਵ ਮੈਂਬਰ,ਰਾਜਾ ਰਾਮ,ਸ਼ੌਂਕੀ ਗਰਗ,ਡਾਕਟਰ ਧਰਮਪਾਲ,ਡਾਕਟਰ ਹੇਮਰਾਜ,ਕਾਲਾ ਸੇਠ,ਬਬਲੀ ਵਰਮਾ,ਸੁਖਦੇਵ ਬਲਾਕ ਸੰਮਤੀ ਮੈਂਬਰ, ਧਰਮਪਾਲ ਸਰਪੰਚ ਮੱਤੜ,ਰਾਜਾ ਮੱਤੜ,ਗਗਨ ਸ਼ਰਮਾ,ਅਜੀਤ ਸਿੰਘ ਮਲੜੀ,,ਪਾਲਾ ਸਿੰਘ,ਕੁਲਵੰਤ ਸਿੰਘ ਭੰਗੂ,ਸੀਰਾ ਭੰਗੂ,ਗੁਰਲਾਲ ਮੈਂਬਰ,ਯੋਗੀ ਚਾਵਲਾ ਢਾਬਾ,ਗਗਨ ਸ਼ਰਮਾ ਬੜਾਗੁੜਾ,ਕਾਲਾ ਭੰਗੂ ਲੱਕੜਾਂ ਵਾਲੀ,ਬਲਕਰਨ ਸਿੰਘ ਪਾਰਸ਼ਦ ਭੰਗੂ,ਜਰਨੈਲ ਸਿੰਘ ਪ੍ਰਧਾਨ ਗੁਰਦੁਆਰਾ ਪਾਤਸ਼ਾਹੀ ਦਸਵੀਂ ਰੋੜੀ ਵੀ ਹਾਜ਼ਰ ਸਨ।

# ਸੰਗਰੂਰ ਦੀ ਸਬ ਡਵੀਜਨ ਦਿੜ੍ਹਬਾ 'ਚ ਜ਼ਿਲ੍ਹਾ ਪੁਲਿਸ ਦੀ ਮਿਤੀ 20.02.2026 ਤੋਂ 26.02.2026 ਤੱਕ ਕੀਤੀ ਗਈ ਕਾਰਗੁਜ਼ਾਰੀ



**ਦਿੜ੍ਹਬਾ/ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਐਸ.ਐਸ.ਪੀ. ਸੰਗਰੂਰ ਸਰਤਾਜ ਸਿੰਘ ਚਾਹਲ ਨੇ ਦੱਸਿਆ ਕਿ ਸਬ ਡਵੀਜਨ ਦਿੜ੍ਹਬਾ 'ਚ ਜ਼ਿਲ੍ਹਾ ਪੁਲਿਸ ਵੱਲੋਂ "ਯੁੱਧ ਨਸ਼ਿਆਂ ਵਿਰੁੱਧ" ਅਤੇ "ਪਿੰਡਾਂ ਦੇ ਪਹਿਰੇਦਾਰ" ਚਲਾਈ ਗਈ ਮੁਹਿੰਮ ਦੌਰਾਨ ਕਾਰਵਾਈ ਕਰਦੇ ਹੋਏ ਮਿਤੀ 20.02.2026 ਤੋਂ 26.02.2026 ਤੱਕ ਇੱਕ ਵਿਅਕਤੀ ਪਾਸੋਂ 75 ਨਸ਼ੀਲੀਆਂ ਗੋਲੀਆਂ ਬ੍ਰਾਮਦ ਕਰਕੇ ਇੱਕ ਮੁਕੱਦਮਾ ਦਰਜ ਕਰਵਾਇਆ ਗਿਆ ਅਤੇ ਨਸ਼ੇ ਦੀ ਦਲਦਲ ਵਿੱਚ ਫਸੇ 06 ਵਿਅਕਤੀਆਂ ਨੂੰ ਓਟ ਸੈਂਟਰ ਵਿੱਚੋਂ ਦਵਾਈ ਦਿਵਾਈ ਗਈ ਹੈ। ਇਸ ਤੋਂ ਇਲਾਵਾ ਟਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਹੀਕਲਾਂ ਦੇ ਵੱਖ-ਵੱਖ ਜੁਰਮਾਂ ਤਹਿਤ 100 ਟਰੈਫਿਕ ਚਲਾਨ ਕੀਤੇ ਗਏ ਅਤੇ ਇੱਕ ਵਹੀਕਲ ਨੂੰ 207 ਐਮ.ਵੀ. ਐਕਟ ਤਹਿਤ ਜਬਤ ਕੀਤਾ ਗਿਆ। ਇਸ ਤੋਂ ਇਲਾਵਾ ਅਮਨ ਕਾਨੂੰਨ ਵਿੱਚ ਖਲਲ ਪਾਉਣ ਵਾਲੇ 04 ਵਿਅਕਤੀਆਂ ਖਿਲਾਫ ਰੋਕੂ ਕਾਰਵਾਈ ਕੀਤੀ ਗਈ। ਇਲਾਕਾ ਵਿੱਚ ਆਮ ਪਬਲਿਕ ਦੀ ਸੁਰੱਖਿਆ ਦੇ ਮੱਦੇ ਨਜਰ ਦਿਨ ਰਾਤ ਸਮੇਂ ਨਾਕਾਬੰਦੀ ਅਤੇ ਪੈਟਰੋਲਿੰਗ ਦੌਰਾਨ 38 ਸ਼ੱਕੀ ਵਿਅਕਤੀਆਂ ਖਿਲਾਫ 172 ਬੀ.ਐਨ.ਐਸ.ਐਸ. ਤਹਿਤ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਹੈ। ਇਥੇ ਇਹ ਵੀ ਜ਼ਿਕਰਯੋਗ ਹੈ ਕਿ ਇਸ ਅਰਸੇ ਦੌਰਾਨ ਪਬਲਿਕ ਦੇ ਗੁੰਮ ਜਾਂ ਚੋਰੀ ਹੋਏ 5 ਮੋਬਾਇਲ ਫੋਨ ਟਰੇਸ ਕਰਕੇ ਪਬਲਿਕ ਦੇ ਸਪੁਰਦ ਕੀਤੇ ਜਾ ਚੁੱਕੇ ਹਨ। ਪਬਲਿਕ ਨੂੰ ਵੀ ਨਸ਼ਾ ਵਿਰੋਧੀ ਮੁਹਿੰਮ ਵਿੱਚ ਸਹਿਯੋਗ ਦੇਣ ਲਈ ਅਪੀਲ ਕੀਤੀ ਗਈ। ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਪੰਚਾਇਤਾਂ/ਸਪੋਰਟਸ ਕਲੱਬਾਂ/ਮੋਹਤਵਰ ਪੁਰਸ਼ਾਂ ਨਾਲ ਮੀਟਿੰਗਾਂ ਕਰਕੇ ਆਮ ਪਬਲਿਕ ਅਤੇ ਨੌਜਵਾਨਾ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਆਮ ਪਬਲਿਕ ਨੂੰ ਨਸ਼ੇ ਦਾ ਧੰਦਾ ਕਰਨ ਵਾਲੇ ਸਮੱਗਲਰਾਂ ਸਬੰਧੀ ਪੁਲਿਸ ਨੂੰ ਇਤਲਾਹਾਂ ਦੇਣ ਲਈ ਪ੍ਰੇਰਿਤ ਕੀਤਾ ਗਿਆ ਹੈ ਤਾਂ ਜੋ ਨਸ਼ੇ ਦੇ ਕੋਹੜ ਨੂੰ ਜੜ੍ਹ ਤੋਂ ਖਤਮ ਕੀਤਾ ਜਾ ਸਕੇ। ਨਸ਼ੇ ਦਾ ਧੰਦਾ ਕਰਨ ਵਾਲੇ ਅਤੇ ਮਾੜੇ ਅਨਸਰਾਂ ਖਿਲਾਫ ਕਾਰਵਾਈ ਕਰਦੇ ਹੋਏ ਨਸ਼ਿਆਂ ਦੀ ਰੋਕਥਾਮ ਲਈ ਠੋਸ ਉਪਰਾਲੇ ਕੀਤੇ ਜਾ ਰਹੇ ਹਨ। ਨਸ਼ਿਆਂ ਖਿਲਾਫ ਜੰਗ ਜਾਰੀ ਹੈ।

## ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ ਜ਼ਿਲਾ ਬਠਿੰਡਾ ਦੀ ਮੀਟਿੰਗ, ਪੱਤਰਕਾਰਾਂ ਨੂੰ ਵੰਡੇ ਐਸੋਸੀਏਸ਼ਨ ਦੇ ਆਈ ਕਾਰਡ



ਤਲਵੰਡੀ ਸਾਬੋ, 28 ਫਰਵਰੀ (ਗੁਰਜੰਟ ਸਿੰਘ ਨਥੇਹਾ)- ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ ਜ਼ਿਲਾ ਬਠਿੰਡਾ ਦੀ ਅਹਿਮ ਮੀਟਿੰਗ ਟੀਚਰ ਹੋਮ ਵਿਖੇ ਜ਼ਿਲਾ ਪ੍ਰਧਾਨ ਪਰਵਿੰਦਰ ਸਿੰਘ ਜੋੜਾ ਦੀ ਅਗਵਾਈ ਹੇਠ ਆਯੋਜਿਤ ਕੀਤੀ ਗਈ। ਮੀਟਿੰਗ ਦੌਰਾਨ ਜ਼ਿਲ੍ਹੇ ਭਰ ਤੋਂ ਪਹੁੰਚੇ ਪੱਤਰਕਾਰਾਂ ਨੇ ਆਪਣੇ ਕੰਮ ਦੌਰਾਨ ਆ ਰਹੀਆਂ ਵੱਖ-ਵੱਖ ਸਮੱਸਿਆਵਾਂ ਸਬੰਧੀ ਖੁੱਲ੍ਹ ਕੇ ਵਿਚਾਰ-ਵਟਾਂਦਰਾ ਕੀਤਾ। ਮੀਟਿੰਗ ਵਿੱਚ ਜਥੇਬੰਦੀ ਦੀ ਮਜ਼ਬੂਤੀ ਲਈ ਨਵੇਂ ਮੈਂਬਰ ਸ਼ਾਮਲ ਕਰਨ, ਪੱਤਰਕਾਰਾਂ ਦੀ ਸੁਰੱਖਿਆ ਯਕੀਨੀ ਬਣਾਉਣ ਅਤੇ ਸਰਕਾਰੀ ਪੱਧਰ 'ਤੇ ਪੱਤਰਕਾਰਾਂ ਦੇ ਹੱਕਾਂ ਦੀ ਰੱਖਿਆ ਲਈ ਢੁੱਕਵੇਂ ਕਦਮ ਚੁੱਕਣ ਬਾਰੇ ਵੀ ਵਿਚਾਰ ਕੀਤਾ ਗਿਆ। ਅਹੁਦੇਦਾਰਾਂ ਅਤੇ ਮੈਂਬਰਾਂ ਵੱਲੋਂ ਸੁਝਾਅ ਦਿੱਤਾ ਗਿਆ ਕਿ ਇਕਜੁਟਤਾ ਨਾਲ ਕੰਮ ਕਰਕੇ ਹੀ ਪੱਤਰਕਾਰਾਂ ਨੂੰ ਆ ਰਹੀਆਂ ਦਰਪੇਸ਼ ਮੁਸ਼ਕਲਾਂ ਦਾ ਹੱਲ ਕੱਢਿਆ ਜਾ ਸਕਦਾ ਹੈ। ਜ਼ਿਲਾ ਪ੍ਰਧਾਨ ਪਰਵਿੰਦਰ ਸਿੰਘ ਜੋੜਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਯੂਨੀਅਨ ਹਮੇਸ਼ਾਂ ਪੱਤਰਕਾਰ ਭਾਈਚਾਰੇ ਦੇ ਨਾਲ ਖੜੀ ਹੈ ਅਤੇ ਹਰ ਸਮੱਸਿਆ ਨੂੰ ਸੰਬੰਧਿਤ ਅਧਿਕਾਰੀਆਂ ਤੱਕ ਪਹਿਲਾਂ ਵੀ ਪਹੁੰਚਾਇਆ ਗਿਆ ਹੈ ਤੇ ਅੱਗੇ ਤੋਂ ਵੀ ਪਹੁੰਚਾਇਆ ਜਾਵੇਗਾ। ਜਨਰਲ ਸਕੱਤਰ ਸੁਖਨੈਬ ਸਿੰਘ ਸਿੱਧੂ ਨੇ ਕਿਹਾ ਕਿ ਪੱਤਰਕਾਰਾਂ ਦੀ ਭਲਾਈ ਲਈ ਸਾਂਝੇ ਉਪਰਾਲੇ ਲਾਜ਼ਮੀ ਹਨ ਅਤੇ ਜਥੇਬੰਦੀ ਨੂੰ ਹੋਰ ਸਰਗਰਮ ਕਰਨ ਲਈ ਵੀ ਅੱਗੇ ਤੋਂ ਹੋਰ ਪੱਤਰਕਾਰਾਂ ਦੀ ਭਲਾਈ ਅਤੇ ਸਮਾਜ ਸੇਵਾ ਦੇ ਪ੍ਰੋਗਰਾਮ ਉਲੀਕੇ ਜਾਣਗੇ। ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰੈਸ ਸਕੱਤਰ ਮਨਦੀਪ ਸਿੰਘ ਮੱਕੜ ਨੇ ਦੱਸਿਆ ਕਿ ਇਸ ਮੌਕੇ ਐਸੋਸੀਏਸ਼ਨ ਵੱਲੋਂ ਪੱਤਰਕਾਰਾਂ ਨੂੰ ਪਹਿਚਾਣ ਕਾਰਡ ਵੀ ਵੰਡੇ ਗਏ। ਮੈਂਬਰਾਂ ਨੇ ਯੂਨੀਅਨ ਦੀ ਕਾਰਗੁਜ਼ਾਰੀ 'ਤੇ ਸੰਤੁਸ਼ਟੀ ਜ਼ਾਹਿਰ ਕਰਦੇ ਹੋਏ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਇਕੱਠੇ ਰਹਿਣ ਦਾ ਭਰੋਸਾ ਦਿੱਤਾ।

## ਆਖ਼ਰ ਦੁੱਧ ਦਾ ਦੁੱਧ ਪਾਣੀ ਦਾ ਪਾਣੀ ਹੋਇਆ ਸਦਾ ਸੱਚ ਦੀ ਜਿੱਤ : ਸ ਜਰਮਨ ਸਿੰਘ ਉਦੋ ਨੰਗਲ



ਚੌਕ ਮਹਿਤਾ,28 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ)ਅੱਜ ਅਦਾਲਤ ਵੱਲੋਂ ਸ਼੍ਰੀ ਅਰਵਿੰਦ ਕੇਜਰੀਵਾਲ ਅਤੇ ਸੀ ਮਨੀਸ਼ ਸ਼ਿਸੋਦੀਆ ਜੀ ਦੀ ਦੇ ਬਰੀ ਹੋਣ ਨਾਲ ਸੱਚ ਦੀ ਜਿੱਤ ਹੋਈ ਹੈ ਇਹ ਗੱਲ ਅੱਜ ਆਮ ਆਦਮੀ ਪਾਰਟੀ ਹਲਕਾ ਜੰਡਿਆਲਾ ਗੁਰੂ ਦੇ ਸੀਨੀਅਰ ਲੀਡਰ ਜ਼ਿਲ੍ਹਾ ਪ੍ਰੀਸ਼ਦ ਦੇ ਮੈਂਬਰ ਜਰਮਨ ਸਿੰਘ ਉਦੋ ਨੰਗਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਉਹਨਾਂ ਕਿਹਾ ਕਿ ਇਸ ਫੈਸਲੇ ਨਾਲ ਸੱਚ ਦੀ ਜਿੱਤ ਹੋਈ ਹੈ ।ਤੇ ਜੋ ਦੋ ਸਾਲ ਉਹਨਾਂ ਬਿਨਾਂ ਗੱਲ ਤੋ ਹੀ ਜੇਲ ਵਿੱਚ ਦੁੱਖ ਭੋਗਿਆ ਹੈ ਇਸ ਬਾਰੇ ਲੋਕਾਂ ਨੂੰ ਪਤਾ ਲੱਗ ਗਿਆ ਹੈ ਕਿ ਇਹ ਉਹਨਾਂ ਨਾਲ ਬੇਇਨਸਾਫੀ ਹੋਈ ਹੈ ।ਅੱਜ ਅਸਲ ਵਿੱਚ ਸੱਚ ਦੀ ਜਿੱਤ ਹੋਈ ਹੈ ਤੇ ਦੁੱਧ ਦਾ ਦੁੱਧ ਤੇ ਪਾਣੀ ਦਾ ਪਾਣੀ ਹੋਇਆ ਹੈ ਅੱਜ ਅਰਵਿੰਦ ਕੇਜਰੀਵਾਲ ਜੀ ਨਾਲ ਸਾਰਾ ਪੰਜਾਬ ਖੜਾ ਹੈ ਇਸ ਮੌਕੇ ਅਤੇ ਵੱਖ-ਵੱਖ ਪਿੰਡਾਂ ਤੋਂ ਆਏ ਸਰਪੰਚ ਪੰਚ ਅਤੇ ਹੋਰ ਵਲੰਟੀਅਰ ਸਾਥੀ ਅਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਲੀਡਰ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ : +447458381111 +447976210161 +919729091243

### ਕੈਬਨਿਟ ਮੰਤਰੀ ਅਮਨ ਅਰੋੜਾ ਨੇ ਹਲਕਾ ਸੁਨਾਮ ਵਾਸੀਆਂ ਨੂੰ ਦਿੱਤਾ

# 53.28 ਕਰੋੜ ਰੁਪਏ ਦੇ ਵਿਕਾਸ ਕਾਰਜਾਂ ਦਾ ਤੋਹਫ਼ਾ



**ਸੁਨਾਮ ਊਧਮ ਸਿੰਘ ਵਾਲਾ/ਲੌਂਗੋਵਾਲ,( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਨੇ ਅੱਜ ਸੁਨਾਮ ਵਿਧਾਨ ਸਭਾ ਹਲਕੇ ਦੇ ਵੱਖ-ਵੱਖ ਪਿੰਡਾਂ ਅਤੇ ਸ਼ਹਿਰੀ ਖੇਤਰਾਂ ਵਿੱਚ ਕਰੀਬ 53 ਕਰੋੜ 28 ਲੱਖ ਰੁਪਏ ਦੀ ਲਾਗਤ ਨਾਲ ਹੋਣ ਵਾਲੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਵਾ ਕੇ ਹਲਕਾ ਵਾਸੀਆਂ ਨੂੰ ਵੱਡਾ ਤੋਹਫ਼ਾ ਦਿੱਤਾ। ਇਸ ਮੌਕੇ ਕੈਬਨਿਟ ਮੰਤਰੀ ਅਮਨ ਅਰੋੜਾ ਵੱਲੋਂ ਵੱਖ-ਵੱਖ ਪਿੰਡਾਂ ਵਿੱਚ ਨਵੀਂਆਂ ਸੜਕਾਂ ਦਾ ਨਿਰਮਾਣ, ਸੜਕਾਂ ਦੀ ਮਜ਼ਬੂਤੀ, ਅਤੇ ਹੋਰ ਬੁਨਿਆਦੀ ਢਾਂਚਾਗਤ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਕੈਬਿਨੇਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਗਤੀਸ਼ੀਲ ਅਗਵਾਈ ਹੇਠ ਸਮੁੱਚੇ ਸੂਬੇ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹੈ ਅਤੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਵੱਡੇ ਪੱਧਰ 'ਤੇ ਪ੍ਰੋਜੈਕਟ ਸ਼ੁਰੂ ਕੀਤੇ ਜਾ ਰਹੇ ਹਨ। ਸ੍ਰੀ ਅਮਨ ਅਰੋੜਾ ਨੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਸੁਨਾਮ ਊਧਮ ਸਿੰਘ ਵਾਲਾ ਦੇ ਪਿੰਡ ਨਮੋਲ ਤੋਂ ਕੀਤੀ ਜਿੱਥੇ ਉਨ੍ਹਾਂ ਨੇ 90 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਕੜਾਕੇ ਵਾਲੀ ਸੜਕ, 84 ਲੱਖ ਦੀ ਲਾਗਤ ਨਾਲ ਨਮੋਲ-ਭਗਵਾਨਪੁਰਾ ਰੋਡ, 1.87 ਕਰੋੜ ਰੁਪਏ ਨਾਲ ਸੂਏ ਦੇ ਨਾਲ ਸੜਕ, 77.2 ਲੱਖ ਦੀ ਲਾਗਤ ਨਾਲ ਬਾਬਾ ਰੁੱਖੜ ਦਾਸ ਦੇ ਡੇਰੇ ਕੋਲ ਸੜਕ, 1.14 ਕਰੋੜ ਰੁਪਏ ਦੀ ਲਾਗਤ ਨਾਲ ਨਵੀਂ ਸੜਕ, 4 ਲੱਖ ਦੀ ਲਾਗਤ ਨਾਲ ਕਬਰਸਤਾਨ ਦੇ ਕੰਮ ਅਤੇ ਮਿਰਜ਼ਾ ਪੱਤੀ 'ਚ 45.41 ਲੱਖ ਰੁਪਏ ਦੀ ਲਾਗਤ ਨਾਲ ਸਟੇਡੀਅਮ ਤੋਂ ਖੇਤਾਂ ਤੱਕ ਦੇ ਰਸਤੇ ਨੂੰ ਨਵੀਂ ਸੜਕ 'ਚ ਤਬਦੀਲ ਕਰਨ ਦੇ ਕੰਮ ਦੀ ਸ਼ੁਰੂਆਤ ਕਰਵਾਈ। ਇਸ ਤੋਂ ਬਾਅਦ ਕੈਬਨਿਟ ਮੰਤਰੀ ਨੇ ਪਿੰਡ ਸ਼ੇਰੋਂ ਵਿਖੇ 1.38 ਕਰੋੜ ਰੁਪਏ ਦੀ ਲਾਗਤ ਨਾਲ ਨਮੋਲ-ਸ਼ੇਰੋਂ ਰੋਡ, 70.38 ਲੱਖ ਰੁਪਏ ਦੀ ਲਾਗਤ ਨਾਲ ਸੰਤ ਅਤਰ ਸਿੰਘ ਮਾਰਗ, 85.5 ਲੱਖ ਰੁਪਏ ਦੀ ਲਾਗਤ ਨਾਲ ਸ਼ਾਹਪੁਰ ਵਾਲੀ ਸੜਕ, 3 ਲੱਖ ਦੀ ਲਾਗਤ ਨਾਲ ਧਰਮਸ਼ਾਲਾ ਦੇ ਕੰਮ ਅਤੇ 5 ਲੱਖ ਰੁਪਏ ਦੀ ਲਾਗਤ ਨਾਲ ਮਾਡਲ ਟਾਊਨ ਨੰ.2 ਦੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਵਾਈ। ਇਸੇ ਤਰ੍ਹਾਂ ਪਿੰਡ ਸ਼ਾਹਪੁਰ ਕਲਾਂ ਵਿਖੇ ਸ਼੍ਰੀ ਗੁਰੂ ਤੇਗ. ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ 50 ਲੱਖ ਰੁਪਏ ਦੇ ਕੰਮਾਂ ਦੀ ਨੀਂਹ ਰੱਖੀ। ਇਸ ਤੋਂ ਇਲਾਵਾ ਮੰਤਰੀ ਅਮਨ ਅਰੋੜਾ ਵੱਲੋਂ ਲੌਂਗੋਵਾਲ ਝਾੜੋਂ ਰੋਡ ਸਥਿਤ ਪਾਰਕ 'ਚ ਸ਼ਹਿਰ ਦੇ ਵਾਰਡ ਨੰਬਰ 5, 6, 9, 11, 12 ਅਤੇ 13 ਦੇ ਵਿਕਾਸ ਕਾਰਜਾਂ ਲਈ 2.28 ਕਰੋੜ ਅਤੇ ਅੱਠ ਪਿੰਡਾਂ ਦੀਆਂ ਪੰਚਾਇਤਾਂ ਨੂੰ 40 ਲੱਖ ਰੁਪਏ ਦੀ ਗ੍ਰਾਂਟ ਦੇ ਚੈੱਕ ਤਕਸੀਮ ਕੀਤੇ ਗਏ। ਇਸੇ ਤਰ੍ਹਾਂ ਲੌਂਗੋਵਾਲ ਦੀ ਸਰਕਾਰੀ ਸਿਹਤ ਸੰਸਥਾ ਵਿੱਚ ਵੀ 46 ਲੱਖ ਰੁਪਏ ਦੀ ਲਾਗਤ ਨਾਲ ਇੱਕ ਪਾਰਕ ਬਣਾਉਣ ਦੀ ਸ਼ੁਰੂਆਤ ਕਰਵਾਈ ਗਈ। ਇਸ ਤੋਂ ਇਲਾਵਾ ਦੁੱਲਟ ਪੱਤੀ ਵਿੱਚ ਇੱਕ ਸਮਾਗਮ ਦੌਰਾਨ ਵਾਰਡ ਨੰ. 12, 13 ਅਤੇ 14 ਵਿੱਚ 2.22 ਕਰੋੜ ਅਤੇ ਜੈਦ ਪੱਤੀ ਵਿਖੇ ਵਾਰਡ ਨੰ. 1, 3, 4, 8 ਅਤੇ 15 ਵਿੱਚ 6.73 ਕਰੋੜ ਰੁਪਏ ਦੇ ਵਿਕਾਸ ਪ੍ਰੋਜੈਕਟਾਂ ਦੀ ਸ਼ੁਰੂਆਤ ਕਰਵਾਈ ਗਈ। ਇਸੇ ਤਰ੍ਹਾਂ ਕੈਬਨਿਟ ਮੰਤਰੀ ਅਮਨ ਅਰੋੜਾ ਵੱਲੋਂ ਪਿੰਡ ਮੰਡੇਰ ਖੁਰਦ ਵਿਖੇ 1.14 ਕਰੋੜ 89.38 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਹੋਣ ਵਾਲੀਆਂ 2 ਸੜਕਾਂ ਦੇ ਨੀਂਹ ਪੱਥਰ ਰੱਖਣ ਦੇ ਨਾਲ-ਨਾਲ ਪਿੰਡ ਬੁੱਗਰਾ ਦੀ ਪੰਚਾਇਤ ਨੂੰ ਵੀ ਪੰਜ ਲੱਖ ਰੁਪਏ ਦੀ ਗ੍ਰਾਂਟ ਦਾ ਚੈੱਕ ਭੇਂਟ ਕੀਤਾ।

ਇਸ ਤੋਂ ਇਲਾਵਾ ਮੰਤਰੀ ਸ਼੍ਰੀ ਅਮਨ ਅਰੋੜਾ ਵੱਲੋਂ ਸੁਨਾਮ ਊਧਮ ਸਿੰਘ ਵਾਲਾ ਦੀ ਨਮੋਲ ਰੋਡ 'ਤ 29.54 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਜਾਣ ਵਾਲੇ ਰਿਹਾਇਸ਼ੀ ਸਪੋਰਟਸ ਕੰਪਲੈਕਸ ਦੀ ਵੀ ਨੀਂਹ ਰੱਖੀ।

ਕੈਬਿਨੇਟ ਮੰਤਰੀ ਅਰੋੜਾ ਨੇ ਕਿਹਾ ਕਿ ਇਹ ਸਾਰੇ ਪ੍ਰੋਜੈਕਟ ਹਲਕੇ ਦੇ ਲੋਕਾਂ ਨੂੰ ਬਿਹਤਰ ਸੜਕ ਸਹੂਲਤਾਂ ਅਤੇ ਸੁਧਰੇ ਹੋਏ ਬੁਨਿਆਦੀ ਢਾਂਚੇ ਮੁਹੱਈਆ ਕਰਵਾਉਣ ਵਿੱਚ ਮਦਦਗਾਰ ਸਾਬਤ ਹੋਣਗੇ। ਉਨ੍ਹਾਂ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸਾਰੇ ਕੰਮ ਨਿਰਧਾਰਿਤ ਸਮੇਂ ਅੰਦਰ ਅਤੇ ਗੁਣਵੱਤਾ ਮਾਪਦੰਡਾਂ ਅਨੁਸਾਰ ਪੂਰੇ ਕੀਤੇ ਜਾਣ।

ਸ਼੍ਰੀ ਅਮਨ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਲੋਕ-ਭਲਾਈ ਯੋਜਨਾਵਾਂ ਨੂੰ ਪਾਰਦਰਸ਼ੀ ਢੰਗ ਨਾਲ ਲਾਗੂ ਕਰ ਰਹੀ ਹੈ ਅਤੇ ਹਲਕੇ ਦੇ ਹਰ ਪਿੰਡ ਤੇ ਸ਼ਹਿਰੀ ਵਾਰਡ ਵਿੱਚ ਵਿਕਾਸ ਦੀ ਰਫ਼ਤਾਰ ਤੇਜ਼ ਕੀਤੀ ਜਾ ਰਹੀ ਹੈ।

ਇਸ ਮੌਕੇ ਨਗਰ ਕੌਂਸਲਾਂ ਦੇ ਐਮ.ਸੀ., ਪਿੰਡਾਂ ਦੇ ਸਰਪੰਚ ਤੇ ਪੰਚ, ਆਮ ਆਦਮੀ ਪਾਰਟੀ ਦੇ ਆਗੂ ਤੇ ਵਲੰਟੀਅਰ ਅਤੇ ਇਲਾਕਾ ਵਾਸੀ ਵੀ ਹਾਜ਼ਰ ਸਨ।

### 9ਵੀਂ ਪੰਜਾਬੀ ਯੂਨੀਵਰਸਿਟੀ

# ਜੂਨੀਅਰ ਸਾਇੰਸ ਸਟਾਰ ਪ੍ਰਤੀਯੋਗਤਾ-2026 ਦਾ ਸਫਲਤਾਪੂਰਵਕ ਆਯੋਜਨ



**ਤਲਵੰਡੀ ਸਾਬੋ, 28 ਫਰਵਰੀ (ਗੁਰਜੰਟ ਸਿੰਘ ਨਥੇਹਾ)**- ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਉੱਚ ਵਿੱਦਿਆ ਨੂੰ ਸਥਾਨਕ ਪੱਧਰ ਤੇ ਉਪਲਬਧ ਕਰਵਾਉਣ ਦੇ ਮਕਸਦ ਨਾਲ ਆਪਣੇ ਖੇਤਰੀ ਕੈਂਪਸ ਦਮਦਮਾ ਸਾਹਿਬ ਵਿਖੇ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਇਸੇ ਕੜੀ ਤਹਿਤ ਡਾਇਰੈਕਟਰ ਪ੍ਰੋਫੈਸਰ (ਡਾ.) ਅਮਨਦੀਪ ਸਿੰਘ ਦੀ ਸੁਯੋਗ ਅਗਵਾਈ ਅਧੀਨ ਕੈਂਪਸ ਦੇ ਯਾਦਵਿੰਦਰਾ ਇੰਜਨੀਅਰਿੰਗ ਵਿਭਾਗ ਤੇ ਯਾਦਵਿੰਦਰਾ ਸਾਇੰਸਜ਼ ਵਿਭਾਗ ਵੱਲੋਂ ਪਿੰਡਾਂ ਦੇ ਸਰਕਾਰੀ ਸਕੂਲੀ ਵਿਦਿਆਰਥੀਆਂ ਅੰਦਰ ਵਿਗਿਆਨ ਪ੍ਰਤੀ ਰੁਚੀ ਤੇ ਵਿਗਿਆਨਕ ਦ੍ਰਿਸ਼ਟੀ ਵਿਕਸਤ ਕਰਨ ਦੇ ਮੰਤਵ ਨਾਲ ਜੂਨੀਅਰ ਸਾਇੰਸ ਸਟਾਰ ਪ੍ਰਤੀਯੋਗਤਾ ਦਾ ਸਫਲਤਾਪੂਰਵਕ ਆਯੋਜਨ ਕਰਵਾਇਆ ਗਿਆ ਜਿਸ ਵਿੱਚ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਦੇ ਵਿਦਿਆਰਥੀਆਂ ਵੱਲੋਂ ਪ੍ਰਤੀਯੋਗੀ ਪ੍ਰੀਖਿਆ 'ਚ ਸ਼ਮੂਲੀਅਤ ਕਰਕੇ ਭਰਵਾਂ ਹੁੰਗਾਰਾ ਦਿੱਤਾ। ਇਸ ਦੌਰਾਨ ਇੱਕ ਇੰਟਰੈਕਸ਼ਨ ਪ੍ਰੋਗਰਾਮ ਰਾਹੀਂ 10ਵੀਂ ਜਮਾਤ ਉਪਰੰਤ ਕੈਂਪਸ ਵਿਖੇ ਉਪਲਬਧ ਵੱਖ-ਵੱਖ ਇੰਜੀਨੀਅਰਿੰਗ ਅਤੇ ਵਿਗਿਆਨ ਦੇ ਕੋਰਸਾਂ ਬਾਰੇ ਅਤੇ ਗੋਲਡਨ ਹਾਰਟਸ ਸਕਾਲਰਸ਼ਿਪ ਸਕੀਮ ਬਾਰੇ ਵਿਸਥਾਰਤ ਜਾਣਕਾਰੀ ਦਿੱਤੀ। ਲਿਖਤੀ ਪ੍ਰਤੀਯੋਗਤਾ ਉਪਰੰਤ ਵਿਦਿਆਰਥੀਆਂ ਨੂੰ ਪੂਰੇ ਕੈਂਪਸ ਦਾ ਟੂਰ ਵੀ ਕਰਵਾਇਆ ਗਿਆ। ਯਾਦਵਿੰਦਰਾ ਇੰਜਨੀਅਰਿੰਗ ਅਤੇ ਯਾਦਵਿੰਦਰਾ ਸਾਇੰਸਜ ਵਿਭਾਗਾਂ ਦੇ ਮੁਖੀ ਕ੍ਰਮਵਾਰ ਡਾ. ਨਵਦੀਪ ਗੋਇਲ ਅਤੇ ਡਾ. ਪ੍ਰੀਤੀ ਬਾਂਸਲ ਨੇ ਜਾਣਕਾਰੀ ਦਿੱਤੀ ਕਿ ਇਸ ਪ੍ਰਤੀਯੋਗਤਾ ਵਿੱਚੋਂ ਸਰਕਾਰੀ ਹਾਈ ਸਕੂਲ ਨੇਹੀਆਂ ਵਾਲਾ ਦੇ ਰਾਜਪ੍ਰੀਤ ਸਿੰਘ ਅਤੇ ਵਰਿੰਦਰ ਸ਼ਰਮਾਂ ਨੇ ਪਹਿਲੀ ਅਤੇ ਦੂਜੀ ਪੁਜੀਸ਼ਨ ਹਾਸਲ ਕੀਤੀ ਅਤੇ ਕ੍ਰਮਵਾਰ 5000 ਅਤੇ 3000 ਰੁਪਏ ਦੀ ਇਨਾਮੀ ਰਾਸ਼ੀ ਜਿੱਤੀ ਜਦੋਂ ਕਿ ਸਰਕਾਰੀ ਸੀਨੀਅਰ ਸੈਕੰਡਰੀ (ਲੜਕੀਆਂ) ਸਕੂਲ ਬਾਲਿਆਂਵਾਲੀ ਦੀ ਖੁਸ਼ਪ੍ਰੀਤ ਕੌਰ ਨੇ ਤੀਸਰੀ ਪੁਜੀਸ਼ਨ ਹਾਸਲ ਕਰਕੇ 2000 ਰੁਪਏ ਦੀ ਇਨਾਮੀ ਰਾਸ਼ੀ ਪ੍ਰਾਪਤ ਕੀਤੀ। ਇਸ ਤੋਂ ਇਲਾਵਾ ਅਗਲੀਆਂ ਵੀਹ ਪੁਜੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਵੀ ਦੋ-ਦੋ ਸੌ ਦੇ ਨਕਦ ਇਨਾਮ ਦੇਕੇ ਸਨਮਾਨਿਤ ਕੀਤਾ ਗਿਆ। ਸਾਰੇ ਪ੍ਰਤੀਯੋਗੀਆਂ ਨੂੰ ਭਾਗੀਦਾਰੀ ਸਰਟੀਫਿਕੇਟ ਵੰਡੇ ਗਏ। ਇਸ ਸਮਾਗਮ ਦੇ ਇਨਾਮ ਵੰਡ ਸਮਾਗਮ ਵਿੱਚ ਮੈਡਮ ਮਮਤਾ ਖੁਰਾਣਾ, ਜ਼ਿਲ੍ਹਾ ਸਿਖਿਆ ਅਫਸਰ (ਸੈ. ਸਿ) ਬਠਿੰਡਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਪ੍ਰਬੰਧਕਾਂ ਨੇ ਮੁੱਖ ਮਹਿਮਾਨ ਸਾਹਿਬਾ ਦਾ ਨਿੱਘਾ ਸਵਾਗਤ ਕੀਤਾ। ਆਪਣੇ ਭਾਸ਼ਣ ਚ ਮੈਡਮ ਮਮਤਾ ਖੁਰਾਣਾ ਜੀ ਨੇ ਮਾਲਵਾ ਖੇਤਰ ਦੇ ਵਿੱਦਿਅਕ ਮਿਆਰ ਨੂੰ ਉੱਚਾ ਚੁੱਕਣ ਲਈ ਯਾਦਵਿੰਦਰਾ ਇੰਜਨੀਅਰਿੰਗ ਅਤੇ ਯਾਦਵਿੰਦਰਾ ਸਾਇੰਸਜ਼ ਵਿਭਾਗਾਂ ਵੱਲੋ ਇਸ ਤਰਾਂ ਦੀਆਂ ਪ੍ਰਤੀਯੋਗਤਾਵਾਂ ਦੇ ਆਯੋਜਨ ਕਰਨ ਲਈ ਭਰਪੂਰ ਸ਼ਲਾਘਾ ਕੀਤੀ। ਇਸ ਮੌਕੇ ਪ੍ਰਤੀਯੋਗਤਾ ਕੋਆਰਡੀਨੇਟਰਜ ਡਾ. ਮੀਨਾਕਸ਼ੀ ਬਾਂਸਲ ਅਤੇ ਡਾ ਸੰਜੀਵ ਮਹਿਤਾ ਤੋਂ ਇਲਾਵਾ ਕਨਵੀਨਰ ਪ੍ਰੀਖਿਆ ਕਮੇਟੀ ਡਾ. ਬਲਰਾਜ ਸਿੰਘ, ਕਨਵੀਨਰ ਨਤੀਜਾ ਕਮੇਟੀ ਡਾ. ਹਜ਼ੂਰ ਸਿੰਘ ਤੋਂ ਇਲਾਵਾ ਡਾ. ਜਗਤਾਰ ਸਿੰਘ, ਡਾ. ਅੰਜੂ ਸੈਣੀ ਸਮੇਤ ਕੈਂਪਸ ਦੇ ਸਮੂਹ ਅਧਿਆਪਕ ਅਤੇ ਸਟਾਫ਼ ਵੀ ਹਾਜ਼ਰ ਰਹੇ। ਮੰਚ ਦਾ ਸੰਚਾਲਨ ਡਾ. ਰਾਜਭੁਪਿੰਦਰ ਕੌਰ ਅਤੇ ਮੈਡਮ ਮੀਨਾਕਸ਼ੀ ਸਿੰਗਲਾ ਵੱਲੋਂ ਬਾਖੂਬੀ ਕੀਤਾ ਗਿਆ।

# ਪੰਜਾਬ ਦੇ ਲੋਕਾਂ ਦੇ ਹਿੱਤਾਂ ਅਤੇ ਹੱਕਾਂ ਲਈ ਫੈਸਲੇ ਲੈ ਰਹੀ ਹੈ ਪੰਜਾਬ ਦੀ ਮਾਨ ਸਰਕਾਰ - ਚੇਅਰਮੈਨ ਹਰਜਿੰਦਰ ਰੰਧਾਵਾ



**ਚੌਕ ਮਹਿਤਾ,28 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਪੰਜਾਬ ਵਿੱਚ ਲੋਕਾਂ ਵੱਲੋਂ ਲੋਕਾਂ ਦੁਆਰਾ ਚੁਣੀ ਗਈ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਲਈ ਫੈਸਲੇ ਲੈ ਰਹੀ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਟ੍ਰੇਡਰਜ ਕਮਿਸ਼ਨ ਹਲਕਾ ਜੰਡਿਆਲਾ ਗੁਰੂ ਦੇ ਚੈਅਰਮੈਨ ਹਰਜਿੰਦਰ ਰੰਧਾਵਾ ਨੇ ਦੱਸਿਆ ਕਿ ਹੁਣ ਤੱਕ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਜਿਹਨੇ ਵੀ ਸਰਕਾਰ ਨੇ ਫੈਸਲੇ ਕੀਤੇ ਹਨ ਇਹ ਸਾਰੇ ਲੋਕਾਂ ਦੇ ਹੱਕਾਂ ਅਤੇ ਹਿੱਤਾਂ ਲਈ ਹਨ। ਨਹਿਰੀ ਪਾਣੀ, ਸਿੱਖਿਆ, ਹੈਲਥ, ਬਿਜਲੀ, ਸੜਕਾਂ, ਗਰਾਊਂਡ, ਲਾਇਬ੍ਰੇਰੀਆਂ, ਸਕੂਲ, ਹਸਪਤਾਲ, ਮਹੱਲਾ ਕਲੀਨਿਕ, ਗਰੀਬ ਪਰਿਵਾਰਾਂ ਨੂੰ ਰਾਸਨ ਕਿੱਟਾਂ ਦਾ ਫੈਸਲਾ, ਮੁੱਖ ਮੰਤਰੀ ਸਿਹਤ ਯੋਜਨਾ ਤਹਿਤ 10 ਲੱਖ ਰੁਪਏ ਦਾ ਮੁਫਤ ਇਲਾਜ ਆਦਿ ਵੱਡੇ ਫੈਸਲੇ ਹਨ। ਉਹਨਾਂ ਵਿਰੋਧੀ ਪਾਰਟੀਆਂ ਤੇ ਨਿਸਾਨਾ ਸਾਧਿਆ ਕਿ ਉਨ੍ਹਾਂ ਆਪਣੇ ਨਿੱਜੀ ਹਿੱਤਾਂ ਦੀ ਰਾਜਨੀਤੀ ਕੀਤੀ ਹੈ ਜਿਸ ਨੂੰ ਲੋਕ ਕਦੇ ਪ੍ਰਵਾਨ ਨਹੀਂ ਕਰਨਗੇ। ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਦਾ ਇੱਕੋ- ਇੱਕ ਮਕਸਦ ਹੈ ਕਿ ਪੰਜਾਬ ਦੇ ਗਰੀਬ ਅਤੇ ਅਰਥਿਕ ਪੱਖੋ ਕਮਜ਼ੋਰ ਲੋਕਾਂ ਨੂੰ ਬਿਹਤਰੀਨ ਸਹੂਲਤਾਂ ਪ੍ਰਦਾਨ ਕੀਤੀਆਂ ਜਾਣ।

# ਨਰਸਿੰਗ ਸਿਸਟਰ ਪ੍ਰਵੀਨ ਕੌਰ ਨੂੰ ਸੇਵਾ ਮੁਕਤੀ ਮੌਕੇ ਦਿੱਤੀ ਨਿੱਘੀ ਵਿਦਾਇਗੀ ਪਾਰਟੀ



**ਚੌਕ ਮਹਿਤਾ 28ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪ੍ਰਵੀਨ ਕੌਰ ਪਿਤਾ ਸਵ: ਸ੍ਰ ਤਰਲੋਕ ਸਿੰਘ ਮਾਤਾ ਸਵ: ਸੁਰਿੰਦਰ ਕੌਰ ਨੇ 1992 ਵਿੱਚ ਸਰਕਾਰੀ ਮੈਡੀਕਲ ਕਾਲਜ ਅਧੀਨ ਆਉਂਦੇ ਗੁਰੂ ਨਾਨਕ ਦੇਵ ਹਸਪਤਾਲ ਵਿੱਚ ਸਟਾਫ ਨਰਸ ਆਰਥੋ ਐਮਰਜੇਂਸੀ ਵਾਰਡ ਵਿਖੇ ਨੌਕਰੀ ਦੀ ਸ਼ੁਰੂਆਤ ਕੀਤੀ ਪ੍ਰਵੀਨ ਕੌਰ ਨੇ ਦੱਸਿਆ ਕਿ ਓਹਨਾ ਆਪਣੀ ਮਿਹਨਤ ਸਦਕਾ ਅਤੇ ਬੇਦਾਗ ਆਪਣੀ 34 ਸਾਲ ਦੀ ਸਰਵਿਸ ਤੋਂ ਬਾਅਦ 28 ਫਰਵਰੀ ਨੂੰ ਨਰਸਿੰਗ ਸਿਸਟਰ ਦੇ ਅਹੁਦੇ ਵਜੋਂ ਰਿਟਾਇਰਡ ਹੋਏ ਇਸ ਮੌਕੇ ਪ੍ਰਿੰਸੀਪਲ ਡਾ. ਰਾਜੀਵ ਦੇਵਗਨ ਅਤੇ ਵਾਈਸ ਪ੍ਰਿੰਸੀਪਲ ਡਾ. ਅੱਤਰੀ, ਡਾ ਜੈ ਐਸ ਕੁਲਾਰ ਅਤੇ ਨਰਸਿੰਗ ਸੁਪਰਡੈਂਟ ਮੈਡਮ ਨਵਰੂਪ ਕੌਰ ਵਲੋਂ ਪ੍ਰਵੀਨ ਕੌਰ ਨੂੰ ਸ਼ੁਭ ਕਾਮਨਾਵਾਂ ਦਿੱਤੀਆਂ ਇਸ ਮੌਕੇ ਰਾਜਵਿੰਦਰ ਕੌਰ ਅਤੇ ਨਿਸ਼ਾ ਨੇ ਸਟੇਜ ਸੰਭਾਲੀ ਪ੍ਰਵੀਨ ਕੌਰ ਦੀ ਵਿਦਾਇਗੀ ਪਾਰਟੀ ਵਿੱਚ ਸਮੂਹ ਸਟਾਫ ਮੈਂਬਰ ਅਤੇ ਪਰਿਵਾਰਿਕ ਮੈਂਬਰਾ ਅਤੇ ਜਨ ਕਲਿਆਣ ਸੰਗਠਨ ਦੇ ਰਾਸ਼ਟਰਪਤੀ ਪੁਰਸਕਾਰ ਪ੍ਰਾਪਤ ਡਾ: ਸਵਰਾਜ ਗਰੋਵਰ, ਮੈਡਮ ਡੋਲੀ ਭਾਟੀਆ, ਮੈਡਮ ਇੰਦਰਾ ਧਵਨ , ਮੈਡਮ ਸਰੋਜ ਚਾਵਲਾ, ਮੈਡਮ ਗੀਵਾ ਕੌਰ ਅਤੇ ਸਿਵਲ ਸਰਜਨ ਦਫ਼ਤਰ ਤੋਂ ਐਮ ਈ ਆਈ ਓ ਅਮਰਦੀਪ ਸਿੰਘ ਅਤੇ ਓਨਾਂ ਦੇ ਭੈਣ ਜੀ ਸ਼ਰਨਜੀਤ ਕੌਰ ਜੌ ਕਿ ਸਪੈਸ਼ਲ ਤੌਰ ਤੇ ਅਮਰੀਕਾ ਤੋਂ ਇਸ ਪਾਰਟੀ ਵਿੱਚ ਸ਼ਾਮਿਲ ਹੋਣ ਲਈ ਆਏ ਸਨ ਅਤੇ ਹੋਰਨਾਂ ਨੇ ਪ੍ਰਵੀਨ ਕੌਰ ਨਰਸਿੰਗ ਸਿਸਟਰ ਨੂੰ ਤੋਹਫੇ ਦੇ ਕੇ ਸਨਮਾਨਿਤ ਕੀਤਾ ਗਿਆ ਇਸ ਮੌਕੇ ਪ੍ਰਵੀਨ ਕੌਰ ਦੇ ਪਤੀ ਗੁਰਬਿੰਦਰ ਸਿੰਘ ਅਤੇ ਬੇਟਾ ਹਰਮਿੰਦਰ ਸਿੰਘ ਕੈਨੇਡਾ ਵਾਸੀ ਹਾਜ਼ਰ ਸਨ ।।

# ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਕੀਤੇ ਕੰਮਾ ਤੋਂ ਲੋਕ ਬੇਹੱਦ ਖੁਸ਼ ਹਨ ਆਪ ਆਗੂ

**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੀ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਕੀਤੇ ਜਾ ਰਹੇ ਲੋਕ ਪੱਖੀ ਵਿਕਾਸ ਕਾਰਜਾਂ ਸਦਕਾ ਅੱਜ ਸੂਬੇ ਦਾ ਹਰ ਵਰਗ ਪੂਰੀ ਤਰ੍ਹਾਂ ਸੰਤੁਸ਼ਟ ਨਜ਼ਰ ਆ ਰਿਹਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸਰਪੰਚ ਅਮਰੀਕ ਸਿੰਘ ਕਿਲਾ ਹਕੀਮਾਂ, ਸਰਪੰਚ ਸੁਖਚੈਨ ਸਿੰਘ ਮੂਲੋਂਵਾਲ, ਸਰਪੰਚ ਦਲਵੀਰ ਸਿੰਘ ਧੰਦੀਵਾਲ, ਸਰਪੰਚ ਅਮਨਦੀਪ ਸਿੰਘ ਰਣੀਕੇ, ਸਰਪੰਚ ਸਿਮਰਨਜੀਤ ਸਿੰਘ ਬਟੂਹਾਂ, ਸਰਪੰਚ ਜਗਰੂਪ ਸਿੰਘ ਕੌਲਸੇੜੀ ਅਤੇ ਉੱਘੇ ਸਮਾਜ ਸੇਵੀ ਸਰਪੰਚ ਗੁਰਜੰਟ ਸਿੰਘ ਭੜੀ ਨੇ ਸਾਂਝੇ ਤੌਰ 'ਤੇ ਕੀਤਾ । ਉਹਨਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਮਹਿਜ ਚਾਰ ਸਾਲਾਂ ਦੇ ਥੋੜੇ ਜਿਹੇ ਸਮੇਂ ਚ ਉਹ ਵਿਕਾਸ ਕਰ ਵਿਖਾਇਆ ਜੋ ਪਿਛਲੀਆਂ ਰਵਾਇਤੀ ਪਾਰਟੀਆਂ ਦੀਆਂ ਸਰਕਾਰਾ ਦਹਾਕਿਆਂ ਚੋਂ ਵੀ ਨਹੀਂ ਕਰ ਸਕੀ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵਲੋਂ ਲੋਕਤੰਤਰ ਨੂੰ ਬਹਾਲ ਕੀਤਾ ਗਿਆ ਅਤੇ ਪੰਚਾਇਤੀ ਚੋਣਾਂ ਤੋਂ ਬਾਅਦ ਬਲਾਕ ਸੰਮਤੀ ਅਤੇ ਜਿਲਾ ਪਰਿਸ਼ਦ ਚੋਣਾਂ ਹੋਈਆਂ ਜਿਨ੍ਹਾਂ ਦੇ ਨਤੀਜਿਆਂ ਨੇ ਪਹਿਲਾਂ ਹੀ ਸਪਸ਼ਟ ਕਰ ਦਿੱਤਾ ਹੈ ਕਿ ਜਨਤਾ ਦਾ ਭਰੋਸਾ ਸਿਰਫ "ਆਪ" ਵਿੱਚ ਹੈ। ਉਹਨਾਂ ਕਿਹਾ ਕਿ ਜਿਹੜੇ ਕੰਮ ਅਕਾਲੀ ਦਲ ਅਤੇ ਕਾਂਗਰਸ ਦੇ ਸਮੇਂ ਅਧੂਰੇ ਪਏ ਸਨ ਉਹਨਾਂ ਨੂੰ ਰਿਕਾਰਡ ਸਮੇਂ ਚ ਪੂਰਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦਾ ਹਰ ਨਾਗਰਿਕ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਮੁੜ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਉਣ ਲਈ ਉਤਾਵਲਾ ਬੈਠਾ ਹੈ।



### ਸੰਤ ਕਰਤਾਰ ਸਿੰਘ ਜੀ ਖ਼ਾਲਸਾ ਅਕੈਡਮੀ ਦੇ ਵਿਦਿਆਰਥੀ

# ਐਸ.ਜੀ.ਪੀ.ਸੀ ਵੱਲੋਂ ਲਏ ਧਾਰਮਿਕ ਇਮਤਿਹਾਨਾਂ ਵਿਚ ਹੋਏ ਪਾਸ



**ਫ਼ਿਰੋਜ਼ਪੁਰ, 28 ਫਰਵਰੀ (ਮਨੋਹਰ ਲਾਲ) :—** ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਭਿੰਡਰਾਂਵਾਲੇ ਮੌਜੂਦਾ ਮੁਖੀ ਦਮਦਮੀ ਟਕਸਾਲ ਅਤੇ ਪ੍ਰਧਾਨ ਸੰਤ ਸਮਾਜ ਦੀ ਸਰਪ੍ਰਸਤੀ ਹੇਠ ਚੱਲ ਰਹੇ ਬਹੁਤ ਸਾਰੇ ਅਦਾਰਿਆਂ ਵਿਚੋਂ ਇਕ ਅਦਾਰਾ ਸੰਤ ਕਰਤਾਰ ਸਿੰਘ ਜੀ ਖ਼ਾਲਸਾ ਮੈਮੋਰੀਅਲ ਸੀਨੀਅਰ ਸੈਕੰਡਰੀ ਸਕੂਲ ਬੁਰਜ ਮੱਖਣ ਦੇ ਵਿਦਿਆਰਥੀਆਂ ਨੇ ਸ਼੍ਰੋਮਣੀ ਗੁਰਦਵਾਰਾ ਪ੍ਰਬੰਧਕ ਕਮੇਟੀ ਵੱਲੋਂ ਲਏ ਧਾਰਮਿਕ ਇਮਤਿਹਾਨਾਂ ਵਿਚ ਹਿੱਸਾ ਲਿਆ ਸੀ, ਜਿਸ ਵਿਚੋਂ ਸਾਰੇ ਵਿਦਿਆਰਥੀ ਪਾਸ ਹੋਏ ਹਨ ਅਤੇ ਕਈਆਂ ਨੇ ਮੈਰਿਟ ਵੀ ਹਾਸਲ ਕੀਤੀ ਹੈ। ਸੰਤ ਕਰਤਾਰ ਸਿੰਘ ਜੀ ਖ਼ਾਲਸਾ ਅਕੈਡਮੀ ਦੇ ਪ੍ਰਿੰਸੀਪਲ ਨੇ ਦੱਸਿਆ ਕਿ ਸਕੂਲ ਵਿਚ ਵੱਖ—ਵੱਖ ਸੰਸਥਾਵਾਂ ਵੱਲੋਂ ਲਏ ਗਏ ਧਾਰਮਿਕ ਇਮਤਿਹਾਨਾਂ ਵਿਚ ਵਿਦਿਆਰਥੀ ਵਧ ਚੜ੍ਹ ਕੇ ਭਾਗ ਲੈਂਦੇ ਹਨ ਅਤੇ ਹਰ ਵਾਰ ਵਧੀਆ ਹੀ ਰਿਜ਼ਲਟ ਆਉਂਦਾ ਹੈ। ਉਨ੍ਹਾਂ ਦੱਸਿਆ ਕਿ ਜਿਥੇ ਵਿਦਿਆਰਥੀ ਸਕੂਲ ਵਿਚ ਦੁਨਿਆਵੀ ਵਿੱਦਿਆ ਹਾਸਲ ਕਰਦੇ ਹਨ ਉੱਥੇ ਧਾਰਮਿਕ ਵਿੱਦਿਆ ਵੀ ਹਾਸਲ ਕਰਦੇ ਹਨ, ਇਸ ਲਈ ਸਕੂਲ ਵਿਚ ਧਰਮ ਦੇ ਉੱਚ ਵਿਦਿਅਕ ਅਧਿਆਪਕ ਰੱਖੇ ਹੋਏ ਹਨ। ਉਨ੍ਹਾਂ ਦੱਸਿਆ ਇਹ ਅਦਾਰਾ ਦਮਦਮੀ ਟਕਸਾਲ ਮਹਿਤਾ ਚੌਕ ਨਾਲ ਸੰਬੰਧਿਤ ਹੈ ਇਸ ਲਈ ਵਿਦਿਆਰਥੀਆਂ ਨੂੰ ਸੰਥਿਆ ਦੇ ਨਾਲ—ਨਾਲ ਹੋਰ ਧਾਰਮਿਕ ਗ੍ਰੰਥਾਂ ਦਾ ਵੀ ਅਧਿਐਨ ਕਰਵਾਇਆ ਜਾਂਦਾ ਹੈ। ਇਸ ਸਮੇਂ ਪ੍ਰਿੰਸੀਪਲ ਗੁਰਦੀਪ ਸਿੰਘ (ਖ਼ਾਲਸਾ ਕਾਲਜ ਮਹਿਤਾ), ਡਾ: ਅਰਜੁਨ ਸਿੰਘ, ਮੈਡਮ ਪ੍ਰਭਜੀਤ ਕੌਰ, ਅਧਿਆਪਕ ਗੁਰਵਿੰਦਰ ਸਿੰਘ, ਸੁਖਦੇਵ ਸਿੰਘ ਅਤੇ ਮਨਪ੍ਰੀਤ ਸਿੰਘ ਆਦਿ ਹਾਜ਼ਰ ਸਨ।

### ਰਣਜੀਤ ਸਿੰਘ ਦੇ 'ਝੂਠੇ' ਪੁਲਿਸ ਮੁਕਾਬਲੇ ਦੀ

# ਸੀਬੀਆਈ ਜਾਂਚ ਹੋਵੇ : ਪੇਧਨੀ, ਕਾਲਾਬੂਲਾ, ਬਾਦਸ਼ਾਹਪੁਰ, ਦੁੱਲਵਾਂ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਪੁਲਿਸ ਵੱਲੋਂ ਸਿੱਖ ਨੌਜਵਾਨ ਨੂੰ ਝੂਠੇ ਪੁਲਿਸ ਮੁਕਾਬਲੇ ਵਿੱਚ ਮਾਰਨ ਮਗਰੋਂ ਜਮਹੂਰੀਅਤ ਪਸੰਦ ਸੰਗਠਨਾਂ ਵੱਲੋਂ ਸਰਕਾਰ ਖੜ੍ਹੇ ਕੀਤੇ ਜਾ ਰਹੇ ਸਵਾਲਾਂ ਨੇ ਪੰਜਾਬ ਦੀ ਆਮ ਆਦਮੀ ਪਾਰਟੀ ਦਾ ਸਿੱਖ ਵਿਰੋਧੀ ਚਿਹਰਾ ਨੰਗਾ ਕਰ ਦਿੱਤਾ ਹੈ। ਇਨਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਸੀਨੀਅਰ ਆਗੂ ਨਰਿੰਦਰ ਸਿੰਘ ਕਾਲਾਬੂਲਾ, ਸਾਧੂ ਸਿੰਘ ਪੇਧਨੀ, ਅਮਰਜੀਤ ਸਿੰਘ ਬਾਦਸਾਹਪੁਰ ਅਤੇ ਯੂਥ ਆਗੂ ਗੁਰਪ੍ਰੀਤ ਸਿੰਘ ਦੁੱਲਵਾਂ ਕੀਤਾ। ਉਨਾਂ ਕਿਹਾ ਕਿ ਗੁਰਦਾਸਪੁਰ ਵਿੱਚ ਦੋ ਪੁਲਿਸ ਮੁਲਾਜ਼ਮਾਂ ਦਾ ਕਤਲ ਮੰਦਭਾਗਾ ਹੈ, ਪਰ ਪੰਜਾਬ ਸਰਕਾਰ ਨੇ ਇਸ ਦੀ ਬਾਰੀਕੀ ਨਾਲ ਜਾਂਚ ਕਰਨ ਦੀ ਬਜਾਏ ਹਫੜਾ-ਦਫੜੀ ਵਿੱਚ ਪਿੰਡ ਆਦੀਆਂ ਦੇ 19 ਸਾਲਾ ਸਿੱਖ ਨੌਜਵਾਨ ਰਣਜੀਤ ਸਿੰਘ ਦਾ ਝੂਠਾ ਪੁਲਿਸ ਮੁਕਾਬਲਾ ਬਣਾ ਦਿੱਤਾ ਹੈ। ਉਨਾਂ ਕਿਹਾ ਕਿ ਰਣਜੀਤ ਸਿੰਘ ਦਾ ਝੂਠਾ ਪੁਲਿਸ ਮੁਕਾਬਲਾ ਮਨੁੱਖੀ ਅਧਿਕਾਰਾਂ ਦਾ ਸਿੱਧਾ ਉਲੰਘਣ ਹੈ ਅਤੇ ਇਹ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਮੱਥੇ ਉੱਪਰ ਇੱਕ ਕਲੰਕ ਵੀ ਹੈ। ਉਨਾਂ ਕਿਹਾ ਕਿ ਮਨੁੱਖਤਾ ਦੇ ਇਸ ਘਾਣ ਦੇ ਮੁੱਦੇ ਨੂੰ ਲੈ ਕੇ ਸਮੂਹ ਜਮਹੂਰੀਅਤ ਪਸੰਦ ਸੰਗਠਨਾਂ ਨੂੰ ਇੱਕਜੁੱਟ ਹੋਣਾ ਚਾਹੀਦਾ ਹੈ ਅਤੇ ਖਾਸ ਕਰਕੇ ਪੰਥਕ ਸੰਗਠਨਾਂ ਨੂੰ ਇਸ ਦਾ ਗੰਭੀਰ ਨੋਟਿਸ ਲੈਂਦੇ ਹੋਏ ਸਰਕਾਰ ਦੀ ਇਸ ਕੋਝੀ ਹਰਕਤ ਵਿਰੁੱਧ ਇੱਕ ਤਿੱਖਾ ਸੰਘਰਸ਼ ਵਿੱਢਣਾ ਚਾਹੀਦਾ ਹੈ। ਉਨਾਂ ਕਿਹਾ ਕਿ ਪੁਲਿਸ ਦੀ ਦਰਿੰਦਗੀ ਦਾ ਸ਼ਿਕਾਰ ਹੋਏ ਰਣਜੀਤ ਸਿੰਘ ਦੇ ਪਰਿਵਾਰ ਅਤੇ ਪਿੰਡ ਵਾਲਿਆਂ ਨੇ ਸਾਫ਼ ਸ਼ਬਦਾਂ ਵਿੱਚ ਕਿਹਾ ਹੈ ਕਿ ਰਣਜੀਤ ਸਿੰਘ ਨੂੰ ਪਹਿਲਾਂ ਪੁਲਿਸ ਘਰੋਂ ਚੁੱਕ ਕੇ ਲੈ ਗਈ ਅਤੇ ਬਾਅਦ ਵਿੱਚ ਉਸਦਾ ਝੂਠਾ ਪੁਲਿਸ ਮੁਕਾਬਲਾ ਬਣਾ ਦਿੱਤਾ ਗਿਆ। ਉਨਾਂ ਕਿਹਾ ਕਿ ਦੋ ਪੁਲਿਸ ਮੁਲਾਜ਼ਮਾਂ ਦੇ ਕਤਲ ਦੇ ਸੰਬੰਧ ਵਿੱਚ ਆਪਣੀ ਨਾਲਾਇਕੀ ਨੂੰ ਲੁਕਾਉਣ ਲਈ ਪੁਲਿਸ ਨੇ ਆਦੀਆਂ ਪਿੰਡ ਵਿੱਚ ਨੌਜਵਾਨਾਂ ਉੱਪਰ ਜਬਰ ਕੀਤਾ ਅਤੇ ਇੱਥੋਂ ਤੱਕ ਕਿ ਗੁਰਦੁਆਰਾ ਸਾਹਿਬ ਦੇ ਕੈਮਰਿਆਂ ਦਾ ਡੀ ਵੀ ਆਰ ਵੀ ਚੁੱਕ ਕੇ ਲੈ ਗਈ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਦੀ ਸੀਬੀਆਈ ਤੋਂ ਜਾਂਚ ਕਰਵਾ ਕਿ ਮ੍ਰਿਤਕ ਰਣਜੀਤ ਸਿੰਘ ਦੇ ਪਰਿਵਾਰ ਨੂੰ ਇਨਸਾਫ ਦਿੱਤਾ ਜਾਵੇ।

# ਫਿਰੋਜ਼ਪੁਰ ਵਿੱਚ ਸਾਹ ਸੰਬੰਧੀ ਬਿਮਾਰੀਆਂ ਲਈ ਵਿਸ਼ੇਸ਼ ਕੇਂਦਰ ਦੀ ਸ਼ੁਰੂਆਤ

ਫ਼ਿਰੋਜ਼ਪੁਰ, 28 ਫਰਵਰੀ (ਮਨੋਹਰ ਲਾਲ) :—ਅਮਨਦੀਪ ਹਸਪਤਾਲ ਨੇ ਉਜਾਲਾ ਸਿਗਨਸ ਹੈਲਥਕੇਅਰ ਸਰਵਿਸਿਜ਼ ਦੇ ਸਹਿਯੋਗ ਨਾਲ ਫਿਰੋਜ਼ਪੁਰ ਵਿੱਚ ਫੇਫੜਿਆਂ ਨਾਲ ਸੰਬੰਧਿਤ ਬਿਮਾਰੀਆਂ ਦੇ ਇਲਾਜ ਲਈ ਉੱਨਤ ਪਲਮੋਨੋਲੋਜੀ ਕੇਂਦਰ ਦੀ ਸ਼ੁਰੂਆਤ ਕੀਤੀ ਹੈ। ਇਹ ਕੇਂਦਰ ਸਾਹ ਨਾਲ ਜੁੜੀਆਂ ਵੱਖ—ਵੱਖ ਬਿਮਾਰੀਆਂ ਦੀ ਜਾਂਚ ਅਤੇ ਇਲਾਜ ਲਈ ਸਮਰਪਿਤ ਹੈ। ਕੇਂਦਰ ਦੀ ਅਗਵਾਈ ਸੀਨੀਅਰ ਪਰਾਮਰਸ਼ਦਾਤਾ ਪਲਮੋਨੋਲੋਜੀ ਅਤੇ ਗੰਭੀਰ ਦੇਖਭਾਲ ਵਿਸ਼ੇਸ਼ਗਿਆ ਡਾ: ਚੇਤਨ ਕੁਮਾਰ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਪਲਮੋਨੋਲੋਜੀ ਸੈਂਟਰ ਪਲਿਊਰਲ ਬਿਮਾਰੀਆਂ, ਨਿਊਮੋਥੋਰੈਕਸ, ਨਮੂਨੀਆ, ਸੀ.ਓ.ਪੀ.ਡੀ, ਦਮਾ, ਏ.ਆਰ.ਡੀ.ਐਸ, ਐਲਰਜੀ, ਆਈ.ਐਲ.ਡੀ ਅਤੇ ਹੋਰ



ਬਹੁਤ ਸਾਰੀਆਂ ਸਥਿਤੀਆਂ ਲਈ ਨਿਦਾਨ ਅਤੇ ਇਲਾਜ ਦੀ ਪੇਸ਼ਕਸ਼ ਕਰਦਾ ਹੈ। ਇਥੇ ਫੇਫੜਿਆਂ ਦੀ ਵਿਸਥਾਰਪੂਰਕ ਜਾਂਚ ਲਈ ਬ੍ਰੋਂਕੋਸਕੋਪੀ ਦੀ ਸੁਵਿਧਾ ਵੀ ਮੌਜੂਦ ਹੈ। ਇਹ ਕੇਂਦਰ ਅਤਿਆਧੁਨਿਕ ਉਪਕਰਣਾਂ ਅਤੇ ਤਜਰਬੇਕਾਰ ਵਿਸ਼ੇਸ਼ਗਿਆਨਾਂ ਦੀ ਟੀਮ ਨਾਲ ਮਰੀਜ਼ਾਂ ਨੂੰ ਉੱਚ ਦਰਜੇ ਦੀ ਚਿਕਿਤਸਾ ਸੇਵਾ ਪ੍ਰਦਾਨ ਕੀਤੀ ਜਾ ਰਹੀ ਹੈ। ਡਾ: ਚੇਤਨ ਕੁਮਾਰ ਨੇ ਕਿਹਾ ਕਿ ਇਸ ਕੇਂਦਰ ਦਾ ਮਕਸਦ ਪੀੜਤ ਮਰੀਜ਼ਾਂ ਨੂੰ ਉੱਨਤ ਅਤੇ ਵਿਸ਼ੇਸ਼ ਇਲਾਜ ਮੁਹੱਈਆ ਕਰਵਾਉਣਾ ਹੈ ਤਾਂ ਜੋ ਹਰ ਮਰੀਜ਼ ਦੀ ਲੋੜ ਅਨੁਸਾਰ ਇਲਾਜ ਦੀ ਯੋਜਨਾ ਤਿਆਰ ਕੀਤੀ ਜਾ ਸਕੇ। ਹਸਪਤਾਲ ਪ੍ਰਬੰਧਕਾਂ ਨੇ ਦੱਸਿਆ ਇਸ ਪਹਿਲ ਨਾਲ ਖੇਤਰ ਦੇ ਲੋਕਾਂ ਨੂੰ ਗੁਣਵੱਤਾ ਵਾਲੀਆਂ ਅਤੇ ਸੌਖੀਆਂ ਸਿਹਤ ਸੇਵਾਵਾਂ ਪ੍ਰਦਾਨ ਕਰਨ ਦੀ ਵਚਨਬੱਧਤਾ ਹੋਰ ਮਜ਼ਬੂਤ ਹੋਈ ਹੈ। ਅਮਨਦੀਪ ਸਮੂਹ ਆਪਣੇ ਵੱਖ—ਵੱਖ ਹਸਪਤਾਲਾਂ ਰਾਹੀਂ ਵਿਆਪਕ ਚਿਕਿਤਸਾ ਸੇਵਾਵਾਂ ਪ੍ਰਦਾਨ ਕਰਦਾ ਆ ਰਿਹਾ ਹੈ, ਜਿਥੇ ਤਜਰਬੇਕਾਰ ਡਾਕਟਰਾਂ ਦੀ ਟੀਮ ਅਤੇ ਆਧੁਨਿਕ ਸਹੂਲਤਾਂ ਮਰੀਜ਼ਾਂ ਦੀ ਸੇਵਾ ਵਿੱਚ ਲਗਾਤਾਰ ਕੰਮ ਕਰ ਰਹੀਆਂ ਹਨ।

## ਦਸਮੇਸ਼ ਤਰਨਾ ਦਲ ਦੇ ਮੁੱਖੀ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਦੀ ਦੇਖ ਰੇਖ ਹੇਠ 24 ਫਰਵਰੀ ਤੋਂ 4 ਮਾਰਚ ਤੱਕ ਹੋਲੇ ਮੁਹੱਲੇ ਨੂੰ ਸਮਰਪਿਤ ਸ੍ਰੀ ਆਨੰਦਪੁਰ ਸਾਹਿਬ ਵਿਖੇ ਧਾਰਮਿਕ ਸਮਾਗਮ ਕਰਵਾਏ ਜਾਣਗੇ : ਭਾਈ ਵਿਰਸਾ ਸਿੰਘ ਖਾਲਸਾ



**ਜੰਡਿਆਲਾ ਗੁਰੂ 28 ਫਰਵਰੀ ( ਕੁਲਵੰਤ ਸਿੰਘ ਵਿਰਦੀ )**-ਦਸਮੇਸ ਤਰਨਾਦਲ ਵੱਲੋਂ ਹੌਲੇ ਮੁਹੱਲੇ ਅਨੰਦਪੁਰ ਸਾਹਿਬ ਵਿਖੇ 24 ਫਰਵਰੀ ਤੋਂ 4 ਮਾਰਚ ਤੱਕ ਮਹਾਨ ਲੰਗਰ ਚਲਾਏ ਜਾ ਰਹੇ ਹਨ ਅਤੇ ਇਸ ਦਰਮਿਆਨ ਦਸਮੇਸ਼ ਤਰਨਾ ਦਲ ਦੇ ਲੰਗਰਾਂ 'ਚ ਸ਼ਹੀਦੀ ਦੇਗਾਂ ਸਰਦਾਈਆ, ਨਿਊਡਲ, ਫਰੈਚਫਰਾਈਜ ,ਮਨਚੂਰੀਆਨ, ਕੁਲਚੇ ਛੋਲੇ, ਸੈਡਵਿਜ,ਚਾਹ ਪਕੌੜੇ, ਟਿੱਕੀ, ਸੂਪ,ਜਲੇਬ,ਲੱਡੂ ਸਮੌਸੇ ਆਦਿ ਸੰਗਤਾਂ ਨੂੰ ਛਕਾਏ ਜਾਣਗੇ ਅਤੇ 4 ਮਾਰਚ ਨੂੰ ਨਿਹੰਗ ਸਿੰਘ ਜਥੇਬੰਦੀਆਂ ਵੱਲੋਂ ਦਸਮੇਸ਼ ਤਰਨਾ ਦਲ ਦੇ ਚੀਫ ਕਮਾਂਡਰ ਜਥੇਦਾਰ ਬਾਬਾ ਮੇਜ਼ਰ ਸਿੰਘ ਦੀ ਅਗਵਾਈ ਹੇਠ ਮੁਹੱਲੇ ਦਾ ਪ੍ਰਦਰਸ਼ਨ ਕਰਕੇ ਆਈ ਸੰਗਤ ਨੂੰ ਸਿੱਖੀ ਦੇ ਪੁਰਾਤਨ ਵਿਰਸੇ ਇਤਿਹਾਸ ਨਾਲ ਜੋੜਿਆ ਜਾਵੇਗਾ, ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਪ੍ਰਧਾਨ ਅਤੇ ਰੰਗਰੇਟਾ ਨਿਹੰਗ ਸਿੰਘ ਜਥੇਬੰਦੀਆਂ ਦੇ ਪ੍ਰੈਸ ਸੈਕਟਰੀ ਭਾਈ ਵਿਰਸਾ ਸਿੰਘ ਖਾਲਸਾ ਨੇ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਕੀਤਾ,ਇਸ ਮੌਕੇ 4 ਫਰਵਰੀ ਨੂੰ ਅਖੰਡਪਾਠ ਸਾਹਿਬ ਦੇ ਭੋਗ ਉਪਰੰਤ ਸਜਾਏ ਜਾਣ ਵਾਲੇ ਧਾਰਮਿਕ ਦੀਵਾਨਾਂ'ਚ ਰਾਗੀ ਢਾਡੀ ਕਵੀਸ਼ਰ ਪ੍ਰਚਾਰਕ ਅਤੇ ਕਥਾਵਾਚਕਾ ਤੋਂ ਇਲਾਵਾ ਸੰਤਾਂ ਮਹਾਪੁਰਸ਼ਾਂ ਦੇ ਨਾਲ ਨਾਲ ਜਥੇਦਾਰ ਬਾਬਾ ਬਲਦੇਵ ਸਿੰਘ ਵੱਲਾ, ਜਥੇਦਾਰ ਬਾਬਾ ਸੁਖਪਾਲ ਸਿੰਘ ਫੂਲ ਬਠਿੰਡਾ,ਜਥੇਦਾਰ ਬਲਦੇਵ ਸਿੰਘ ਮੁਸਤਫਪੁਰ ,ਸਾਬਕਾ ਕੈਬਨਿਟ ਮੰਤਰੀ ਸ੍ਰ ਗੁਲਜਾਰ ਸਿੰਘ ਰਣੀਕੇ,ਐਸ ਪੀ ਜਸਕਰਨ ਸਿੰਘ, ਭਾਈ ਵਿਰਸਾ ਸਿੰਘ ਖਾਲਸਾ ਪ੍ਰਧਾਨ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ,ਪੀ ਏ ਭਾਈ ਸੁਖਦੇਵ ਸਿੰਘ ਫੌਜੀ ਜਗਰਾਂਓ, ਭਾਈ ਇੰਦਰਜੀਤ ਸਿੰਘ ਕਾਉਂਕੇ, ਜਥੇਦਾਰ ਪ੍ਰਗਟ ਸਿੰਘ ਮਜੀਠਾ ਬਾਈ ਪਾਸ, ਜਥੇਦਾਰ ਹਰਜਿੰਦਰ ਸਿੰਘ ਮੁਕਤਸਰ, ਜਥੇਦਾਰ ਸਤਨਾਮ ਸਿੰਘ ਪ੍ਰਧਾਨ ਖਾਪੜਖੇੜੀ, ਜਥੇਦਾਰ ਸਾਹਿਬ ਸਿੰਘ ਲੁਧਿਆਣਾ ਵਿਖੇ ਵਿਸ਼ੇਸ਼ ਹਸਤੀਆਂ ਤੋਂ ਇਲਾਵਾ ਪੰਥ ਦੀਆਂ ਮਹਾਨ ਸ਼ਖਸੀਅਤਾਂ ਹਾਜ਼ਰੀ ਲਵਾਉਣ ਪੁੱਜ ਰਹੀਆਂ ਹਨ, ਭਾਈ ਖਾਲਸਾ ਨੇ ਦੱਸਿਆ ਮਹਲਾ ਖੇਡਣ ਵਾਲਿਆਂ ਅਤੇ ਹੋਰ ਸਨਮਾਨ ਯੋਗ ਹਸਤੀਆਂ ਦਾ ਦਸਮੇਸ਼ ਤਰਨਦਲ ਦੇ ਮੁਖੀ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਸਾਬ ਵੱਲੋਂ ਸਨਮਾਨ ਕੀਤਾ ਜਾਵੇਗਾ ਅਤੇ ਨਾਨਾ ਪ੍ਰਕਾਰ ਦੇ ਲੰਗਰ ਭੰਡਾਰੇ 24 ਫਰਵਰੀ ਤੋਂ ਗੁਰਦੁਆਰਾ ਯਾਦਗਾਰ ਬਾਬਾ ਸਦਾਨੰਦ ਜੀ, ਮਾਤਾ ਪ੍ਰੇਮੋ ਜੀ, ਅਕੈਡਮੀ ਰੋਡ ਛਾਉਣੀ ਨਿਹੰਗ ਸਿੰਘਾਂ,ਅਨੰਦ ਪੁਰ ਸਾਹਿਬ ਵਿਖੇ ਲਗਾਤਾਰ ਵਰਤ ਰਹੇ ਹਨ ।

# ਸੁਬਰਡੀਨੇਟ ਸਰਵਿਸ ਫੈਡਰੇਸ਼ਨ ਨੇ ਡੀ ਸੀ ਸੰਗਰੂਰ ਨੂੰ ਦਿੱਤਾ ਮੰਗ ਪੱਤਰ



**ਸੰਗਰੂਰ (ਰਣਜੀਤ ਸਿੰਘ ਪੇਧਨੀ)**-ਸੁਬਰਡੀਨੇਟ ਸਰਵਿਸ ਫੈਡਰੇਸ਼ਨ( ਵਿਗਿਆਨਕ) ਵੱਲੋਂ ਭਾਰਤ ਦੇ ਰਾਜਾਂ ਦੇ ਸਰਕਾਰੀ ਕਰਮਚਾਰੀਆਂ ਦੀ ਜਥੇਬੰਦੀ AISGEF ਦੀ ਸਿਰੜੀ ਮਹਾਰਾਸ਼ਟਰ ਵਿਖੇ ਹੋਈ 23 ਤੋਂ 26 ਫਰਵਰੀ ਤੱਕ ਕਾਨਫਰੰਸ ਦੇ ਫੈਸਲੇ ਅਨੁਸਾਰ ਭਾਰਤ ਦੇ ਸਾਰੇ ਰਾਜਾਂ ਵਿੱਚ ਮਿਤੀ 26 ਫਰਵਰੀ 2026 ਨੂੰ ਮੰਗ ਪੱਤਰ ਦਿਵਸ ਮਨਾਉਂਦੇ ਹੋਏ ਮਾਨਯੋਗ ਡਿਪਟੀ ਕਮਿਸ਼ਨਰ ਸੰਗਰੂਰ ਜੀ ਰਾਹੀਂ,ਮਾਣਯੋਗ ਮੁੱਖ ਸਕੱਤਰ ਪੰਜਾਬ ਸਰਕਾਰ ਚੰਡੀਗੜ੍ਹ ਜੀ ਨੂੰ ਮੰਗ ਪੱਤਰ ਦਿੱਤਾ ਗਿਆ, ਜਿਸ ਵਿੱਚ ਜਥੇਬੰਦੀ ਵੱਲੋਂ ਪੰਜਾਬ ਰਾਜ ਦੇ ਸਾਰੇ ਕਰਮਚਾਰੀਆਂ ਦੀਆਂ ਮੰਗਾਂ ਰੱਖ ਕੇ ਇਹਨਾਂ ਨੂੰ ਗੱਲਬਾਤ ਰਾਹੀਂ ਹੱਲ ਕਰਨ ਦੀ ਅਪੀਲ ਕੀਤੀ ਗਈ ਅਤੇ ਕਿਹਾ ਜੇ ਇਨਾ ਮੰਗਾਂ ਦਾ ਗੱਲਬਾਤ ਰਾਹੀਂ ਨਿਪਟਾਰਾ ਨਾ ਹੋਇਆ ਤਾਂ ਪੰਜਾਬ ਦੇ ਕਰਮਚਾਰੀ ਤਿੱਖੇ ਸੰਘਰਸ਼ ਲਈ ਮਜਬੂਰ ਹੋਣਗੇ ਅਤੇ ਇਸ ਦੀ ਨਰੋਲ ਜਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ, ਇਸ ਲਈ ਪੰਜਾਬ ਸਬਰਡੀਨੇਟ ਸਰਵਿਸ ਫੈਡਰੇਸ਼ਨ (ਵਿਗਿਆਨਕ)ਉਮੀਦ ਕਰਦੀ ਹੈ ਕਿ ਜੋ ਮੰਗਾਂ ਪੰਜਾਬ ਸਰਕਾਰ ਨਾਲ ਸੰਬੰਧਿਤ ਹਨ ਉਹਨਾਂ ਲਈ ਸਮਾਂ ਦੇਣ ਅਤੇ ਜੋ ਕੇਂਦਰ ਸਰਕਾਰ ਨਾਲ ਸੰਬੰਧਿਤ ਹਨ ਉਨਾਂ ਮੰਗਾਂ ਦੇ ਹੱਲ ਲਈ ਆਪਣੀ ਸਿਫਾਰਸ ਸਹਿਤ ਪ੍ਰਧਾਨ ਮੰਤਰੀ ਜੀ ਨੂੰ ਮੰਗ ਪੱਤਰ ਭੇਜਣ ਦੀ ਕਿਰਪਾਲਤਾ ਕਰਨੀ ਜੀ. ਇਸ ਮੌਕੇ ਹਰਦੀਪ ਕੁਮਾਰ ਸੀਨੀਅਰ ਮੀਤ ਪ੍ਰਧਾਨ, ਅਸ਼ੋਕ ਕੁਮਾਰ ਧੂਰੀ ਜਰਨਲ ਸਕੱਤਰ,ਨਿਰਭੈ ਸਿੰਘ ਲੱਡਾ ਮੀਤ ਪ੍ਰਧਾਨ, ਕੁਲਵੰਤ ਸਿੰਘ ਸੰਗਰੂਰ, ਮਹਿੰਦਰ ਸਿੰਘ ਧੂਰੀ ਅਤੇ ਦੁਰਗਾ ਪ੍ਰਸਾਦ ਧੂਰੀ ਹਾਜਰ ਸਨ.

**ਮੰਗਾਂ ਹੇਠ ਲਿਖੇ ਅਨੁਸਾਰ ਹਨ:-**

1. ਹਰ ਪ੍ਰਕਾਰ ਠੇਕੇ ਤੇ ਰੱਖੇ ਆਉਟਸੋਰਸਜ, ਦਿਹਾੜੀਦਾਰ ਕਾਮੇ ਪੱਕੇ ਕੀਤੇ ਜਾਣ

2 ਠੇਕਾ ਆਊਟ ਸੋਰਸ ਅਤੇ ਦਿਹਾੜੀਦਾਰ ਪਰਥਾ ਬੰਦ ਕਰਕੇ ਰੈਗੂਲਰ ਭਰਤੀ ਸ਼ੁਰੂ ਕੀਤੀ ਜਾਵੇ

3 ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ

4 ਚਾਰੇ ਲੇਬਰ ਕੋਡ ਰੱਦ ਕੀਤੇ ਜਾਣ

5 ਸਰਕਾਰੀ ਅਦਾਰਿਆਂ ਦਾ ਨਿੱਜੀਕਰਨ ਬੰਦ ਕੀਤਾ ਜਾਵੇ

6 ਨਾਮੀ ਰਾਸ਼ਟਰੀ ਸਿੱਖਿਆ ਨੀਤੀ 2020 ਨੂੰ ਰੱਦ ਕੀਤਾ ਜਾਵੇ ਅਤੇ 23/08/ 2010 ਤੋਂ ਪਹਿਲਾਂ ਨਿਯੁਕਤ ਹੋਏ ਅਧਿਆਪਕਾਂ ਤੇ ਕੇਂਦਰ ਸਰਕਾਰ ਦੁਆਰਾ ਸੁਪਰੀਮ ਕੋਰਟ ਦੇ ਫੈਸਲੇ ਰਾਹੀਂ ਜਬਰੀ ਠੋਕੇ("5") ਟੈਸਟ ਦੇ ਹੁਕਮ ਵਾਪਸ ਲੈ ਜਾਣ

7 ਰਾਜ ਦੇ ਸਰਕਾਰੀ ਅਤੇ ਅਰਧ ਸਰਕਾਰੀ ਅਦਾਰਿਆਂ ਵਿੱਚ ਖਾਲੀ ਪਈਆਂ ਅਸਾਮੀਆਂ ਨੂੰ ਤੁਰੰਤ ਰੈਗੂਲਰ ਭਾਰਤੀ ਰਾਹੀਂ ਭਰਿਆ ਜਾਵੇ।

# ਨਸ਼ਾ ਯਾਰ ਬੇਲੀ ਹੀ ਲਾਉਂਦੇ ਨੇ, ਯਾਰ ਬੇਲੀ ਹੀ ਹਟਾ ਸਕਦੇ ਨੇ

## ਇਸ ਤੋਂ ਇਲਾਵਾ ਹੋਰ ਕੋਈ ਚਾਰਾ ਨਹੀਂ



**ਇੱਕ ਬਹੁਤ** ਹੀ ਪੁਰਾਣੀ ਸਿਆਣਿਆਂ ਦੀ ਕਹਾਵਤ ਹੈ ਕਿ ਦੂਰ ਸੁਣੀਂਦੀਆਂ ਨੇੜੇ ਆਈਆਂ ,ਨੇੜੇ ਨਹੀਂ ਹੁਣ ਵਿਹੜੇ ਆਈਆਂ, ਪਰ ਹੁਣ ਤਾਂ ਭਰਾਵੋ ਘਰ ਘਰ ਦੇ ਵਿੱਚ ਹੀ ਆ ਗਈਆਂ ਹਨ, ਕੋਈ ਹੀ ਇਹੋ ਘਰ ਜਾਂ ਪਰਿਵਾਰ ਹੋਵੇਗਾ, ਜਿਸ ਘਰ ਵਿੱਚ ਨਸ਼ੇ ਦੇ ਦਸਤਕ ਨਾ ਦਿੱਤੀ ਹੋਵੇ, ਵਰਨਾ ਹਰ ਪਰਿਵਾਰ ਦਾ ਕੋਈ ਨਾ ਕੋਈ ਜੀਅ ਨਸ਼ੇ ਦੀ ਗ੍ਰਿਫਤ ਵਿੱਚ ਜ਼ਰੂਰ ਹੀ ਫਸਿਆ ਹੋਵੇਗਾ, ਭਾਵੇ ਮੰਨੇ ਤੇ ਭਾਵੇ ਕੋਈ ਨਾ ਮੰਨੇ ,ਪਰ ਇਹ ਹੈ ਸੋਲਾਂ ਆਨੇ ਸੱਚ, ਕੋਈ ਨਸ਼ਾ ਅੰਦਰ ਵੜਕੇ ਕਰ ਰਿਹਾ ਹੈ ,ਕੋਈ ਸਾਰੇਆਮ ਕਰ ਰਿਹਾ ਹੈ, ਕਈ ਵਾਰ ਘਰ ਪਰਿਵਾਰ ਵਾਲਿਆਂ ਨੂੰ ਪਤਾ ਨਹੀਂ ਹੁੰਦਾ, ਪਰ ਬਾਹਰਲੇ ਲੋਕਾਂ ਤੇ ਖਾਸ ਕਰਕੇ ਦੋਸਤਾਂ ਮਿੱਤਰਾਂ ਨੂੰ ਜ਼ਰੂਰ ਪਤਾ ਹੁੰਦਾ ਹੈ, ਕਿ ਕੌਣ ਕਿਹੜਾ ਨਸ਼ਾ ਕਰਦਾ ਹੈ, ਨਸ਼ਾ ਅੱਜ ਆਮ ਜਨਜੀਵਨ ਨੂੰ ਠੱਪ ਕਰੀ ਜਾ ਰਿਹਾ ਹੈ, ਨਸ਼ੇ ਨੇ ਬਹੁਤ ਘਰਾਂ ਦੇ ਦਰਵਾਜ਼ੇ ਬੰਦ ਕਰ ਦਿੱਤੇ ਹਨ, ਬਹੁਤ ਪਰਿਵਾਰਾਂ ਨੂੰ ਮੰਗਣ ਲਾ ਦਿੱਤਾ ਹੈ, ਅਗਰ ਅਸੀਂ ਆਪਣੇ ਆਸੇ ਪਾਸੇ ਨਿਗ੍ਹਾ ਮਾਰੀਏ ਤਾਂ ਬਹੁਤ ਕੁਝ ਵੇਖਣ ਨੂੰ ਮਿਲ ਜਾਵੇਗਾ, ਨਸ਼ਾ ਕੋਈ ਵੀ ਇਨਸਾਨ ਰਾਤੋ ਰਾਤ ਲਾਉਣਾ ਨਹੀਂ ਸਿੱਖਦਾ, ਸ਼ਰਾਬੀ ਇਕੋ ਦਿਨ ਹੀ ਬੋਤਲ ਸ਼ਰਾਬ ਦੀ ਪੀਣੀ ਸ਼ੁਰੂ ਨਹੀਂ ਕਰਦਾ, ਅਫੀਮ ਖਾਣ ਵਾਲਾ ਇਕੋ ਦਿਨ ਹੀ ਤੋਲਾ ਅਫੀਮ ਦਾ ਖਾਣਾ ਸ਼ੁਰੂ ਨਹੀਂ ਕਰਦਾ, ਸਮੈਕ ,ਹੈਰੋਇਨ ,ਗਾਂਜਾ , ਡੋਡੇ ,ਸਿਗਰਟ,ਤੰਬਾਕੂ ,ਬੀੜੀ ,ਹੁੱਕਾ ਚਰਸ, ਇਹ ਨਸ਼ੇ ਸਭ ਕਿਸੇ ਦੇ ਘਰ ਵਿੱਚ ਵੀ ਮਜੂਦ ਨਹੀਂ ਹੁੰਦੇ, ਕੋਈ ਤਾਂ ਕਿਧਰੋਂ ਲਿਆਕੇ ਦਿੰਦਾ ਹੈ, ਪਰ ਸਾਨੂੰ ਇਹਨਾਂ ਬਾਰੇ ਪਤਾ ਜ਼ਰੂਰ ਹੁੰਦਾ ਹੈ, ਪਰ ਅਸੀਂ ਅਣਗਹਿਲੀ ਵਰਤ ਜਾਂਦੇ ਹਾਂ, ਕਿਉਂਕਿ ਸਾਡੀ ਕਿਧਰੇ ਭੰਡੀ ਨਾ ਹੋ ਜਾਵੇ ਕਿ ਫਲਾਣੇ ਦਾ ਪੁੱਤਰ ਧੀ ਨਸ਼ਾ ਕਰਨ ਲੱਗ ਪਿਆ ਹੈ, ਕੋਈ ਮਾਂ ਪਿਉ ਇਹੋ ਜਿਹਾ ਹੋਵੇਗਾ ਜਿਸ ਨੂੰ ਆਪਣੇ ਪੁੱਤਰ ਧੀ ਦੀ ਆਦਤ ਦਾ ਪਤਾ ਨਾ ਹੋਵੇ, ਬਾਕੀ ਲੱਗਭਗ ਸਾਰਿਆਂ ਨੂੰ ਪਤਾ ਹੁੰਦਾ ਹੈ ਕਿ ਮੇਰੇ ਲਾਡਲੇ ਕੀ ਕਰਦੇ ਹਨ, ਇਹਨਾਂ ਦਾ ਕਿਹੋ ਜਿਹੇ ਬੱਚਿਆਂ ਨਾਲ ਰਹਿਣੀ ਬਹਿਣੀ ਹੈ, ਖਰਚਾ ਕਿੰਨਾ ਕਰ ਰਿਹਾ ਹੈ, ਪਰ ਕਈ ਮਾਪੇ ਏਨੀ ਹਿੰਮਤ ਹੀ ਨਹੀਂ ਕਰਦੇ ਕਿ ਉਹ ਪੁੱਛ ਹੀ ਲੈਣ ਕਿ ਬੱਚਿਉ ਤੁਹਾਡਾ ਇੰਨਾ ਖਰਚਾ ਕਿਥੇ ਹੋ ਰਿਹਾ ਹੈ, ਬਹੁਤੇ ਬੱਚੇ ਮਾਪਿਆਂ ਦੇ ਲਾਡ ਪਿਆਰ ਨੇ ਨਸ਼ੇ ਦੇ ਆਦੀ ਬਣਾ ਦਿੱਤੇ ਹਨ, ਜੇ ਕਰ ਗੱਲ ਕਰੀਏ ਕਿ ਸਿਗਰਟ ਇੱਕ ਇਹੋ ਜਿਹਾ ਨਸ਼ਾ ਹੈ ਜੋ ਕਿ ਨਾਲ ਖੜ੍ਹੇ ਆਦਮੀ ਨੂੰ ਪਤਾ ਲੱਗ ਜਾਂਦਾ ਹੈ ਕਿ ਇਸ ਨੇ ਸਿਗਰਟ ਜਾਂ ਬੀੜੀ ਪੀਤੀ ਹੋਈ ਹੈ, ਸ਼ਰਾਬ ਪੀਣ ਵਾਲੇ ਦੇ ਮੂੰਹ ਵਿੱਚੋ ਸ਼ਰਾਬ ਦੀ ਹਵਾੜ ਆਉਣ ਲੱਗ ਜਾਂਦੀ ਹੈ, ਹੈਰੋਇਨ ,ਕੋਕੀਨ ,ਪੀਣ ਵਾਲੇ ਦੇ ਲੱਛਣ ਦੂਰੋਂ ਹੀ ਦਿਸ ਪੈਂਦੇ ਹਨ, ਫਿਰ ਵੀ ਕੋਈ ਕਹੇ ਕਿ ਭਾਈ ਸਾਨੂੰ ਤਾਂ ਪਤਾ ਹੀ ਲੱਗਿਆ ਕਿ ਸਾਡਾ ਬੱਚਾ ਨਸ਼ੇ ਦਾ ਆਦੀ ਕਿਵੇਂ ਹੋ ਗਿਆ ਹੈ, ਇਹ ਗੱਲ ਤਾਂ ਬਿਲਕੁਲ ਗਲਤ ਹੈ, ਇਹ ਕਹਿ ਲਈਏ ਕਿ ਮਾਪੇ ਮਜ਼ਬੂਰ ਹੁੰਦੇ ਹੋਣਗੇ, ਜਿਹੜੇ ਆਪਣੇ ਬੱਚਿਆਂ ਨੂੰ ਇਸ ਲਾਹਨਤ ਤੋਂ ਹਟਾ ਨਹੀਂ ਸਕਦੇ, ਜਦੋ ਪਾਣੀ ਸਿਰ ਤੋਂ ਲੰਘ ਜਾਂਦਾ ਹੈ ਫਿਰ ਰੌਲਾ ਪੈਣਾ ਸ਼ੁਰੂ ਹੋ ਜਾਂਦਾ ਹੈ, ਅਗਰ ਪਹਿਲਾਂ ਹੀ ਇਸ ਨੂੰ ਨਜਿੱਠ ਲਿਆ ਜਾਵੇ ਫਿਰ ਬਹੁਤੀ ਆਫ਼ਤ ਬਾਅਦ ਵਿੱਚ ਨਹੀਂ ਆਉਂਦੀ, ਨਸ਼ੇ ਨੂੰ ਹਟਾਉਣ ਦੇ ਬਹੁਤ ਸੈਮੀਨਾਰ ਵੀ ਕੀਤੇ ਜਾ ਰਹੇ ਹਨ, ਸਰਕਾਰਾਂ ਵੀ ਆਪਣੀ ਪੂਰੀ ਵਾਹ ਲਾ ਰਹੀਆਂ ਹਨ, ਸਮਾਜ ਸੇਵੀ ਸੰਸਥਾਵਾਂ ਵੀ ਆਪਣਾ ਆਪਣਾ ਬਣਦਾ ਯੋਗਦਾਨ ਪਾ ਰਹੀਆਂ ਹਨ, ਪਰ ਨਸ਼ਾ ਘਟਣ ਦੀ ਬਜਾਏ ਲਗਾਤਾਰ ਵੱਧਦਾ ਹੀ ਜਾ ਰਿਹਾ ਹੈ, ਹਰ ਰੋਜ਼ ਨਸ਼ੇ ਦੀ ਓਵਰ ਡੋਜ਼ ਨਾਲ ਮਰਨ ਵਾਲਿਆਂ ਦੀਆਂ ਖਬਰਾਂ ਸੁਣਨ ਤੇ ਵੇਖਣ ਨੂੰ ਮਿਲ ਰਹੀਆਂ ਹਨ, ਕੋਈ ਐਸਾ ਜਾਦੂ ਟੂਣਾ ਨਹੀਂ ਬਣਿਆ ਜਿਸ ਨਾਲ ਨਸ਼ੇੜੀਆਂ ਨੂੰ ਇਸ ਤੋਂ ਵੱਖ ਕੀਤਾ ਜਾ ਸਕੇ, ਪਰ ਇੱਕ ਫਾਰਮੂਲਾ ਬਹੁਤ ਹੀ ਵਧੀਆ ਸਿੱਧ ਹੋ ਸਕਦਾ ਹੈ, ਕਿ ਨਸ਼ੇੜੀ ਦੇ ਕਿਸੇ ਚੰਗੇ ਦੋਸਤ ਮਿੱਤਰ ਦੀ ਮਦਦ ਲਈ ਜਾਵੇ, ਉਸ ਨੂੰ ਬੇਨਤੀ ਕੀਤੀ ਜਾਵੇ ਕਿ ਅਸੀਂ ਤੇਰੇ ਯਾਰ ਦਾ ਨਸ਼ਾ ਨਹੀਂ ਛੁਡਵਾ ਸਕੇ ,ਤੂੰ ਸਾਡੀ ਮਦਦ ਕਰ, ਆਪਾਂ ਰਲਕੇ ਕੇ ਇਸ ਦੀ ਜਾਨ ਬਚਾਈਏ, ਇਸ ਨੂੰ ਸਿਧੇ ਰਾਹ ਤੇ ਪਾਈਏ, ਕਿਉਂਕਿ ਜਿਹੜੀ ਦਿਲ ਦੀ ਗੱਲ ਕੋਈ ਆਪਣੇ ਘਰਦਿਆਂ ਨੂੰ ਨਹੀਂ ਦਸ ਸਕਦਾ ,ਉਹ ਆਪਣੇ ਜਿਗਰੀ ਦੋਸਤ ਨੂੰ ਦਸ ਦਿਤੀ ਜਾਂਦੀ ਹੈ, ਇੱਕ ਚੰਗਾ ਦੋਸਤ ਬਹੁਤ ਕੁਝ ਕਰ ਸਕਦਾ ਹੈ, ਵੈਸੇ ਵੀ ਸਿਆਣੇ ਕਹਿੰਦੇ ਨੇ ਕਿ ਅਸਲੀ ਮਿੱਤਰ ਉਹੀ ਹੁੰਦਾ ਹੈ ਜਿਹੜਾ ਮੁਸੀਬਤ ਵਿੱਚ ਕਿਸੇ ਦੇ ਕੰਮ ਆਵੇ, ਬਾਕੀ ਰੈਲੀਆਂ ਦਾ ਇੱਕਠ ਕਰਕੇ ਨਸ਼ਾ ਛੁਡਾਉਣਾ ਕੋਈ ਤੁਕ ਨਹੀਂ ਬਣਦੀ, ਨਸ਼ਈ ਬੰਦਾ ਵੀ ਇੱਕ ਬਿਮਾਰ ਬੰਦੇ ਵਰਗਾ ਹੁੰਦਾ ਹੈ, ਜਿਵੇਂ ਵੱਡੇ ਵੱਡੇ ਰੋਗ ਹੌਲੀ ਹੌਲੀ ਠੀਕ ਹੋ ਜਾਂਦੇ ਹਨ, ਇਸੇ ਤਰਾਂ ਨਸ਼ੇ ਕਰਨ ਵਾਲੇ ਨਾਲ ਸਾਨੂੰ ਮਿੱਤਰਤਾ ਰੱਖਣ ਦੀ ਲੋੜ ਹੈ, ਤਾਂ ਕਿਧਰੇ ਜਾ ਕੇ ਨਸ਼ਿਆਂ ਤੋਂ ਛੁਟਕਾਰਾ ਪਾਇਆ ਜਾ ਸਕਦਾ ਹੈ, ਨਸ਼ਾ ਅੱਜ ਸਾਡੇ ਸਮਾਜ ਨੂੰ ਇੱਕ ਬਹੁਤ ਵੱਡਾ ਕੋਹੜ ਲੱਗ ਗਿਆ ਹੈ, ਅਸੀਂ ਕੰਧਾਂ ਉਤੇ ਲਿਖਿਆ ਜ਼ਰੂਰ ਪੜ੍ਹ ਲੈਂਦੇ ਹਾਂ ਕਿ ਨਸ਼ਾ ਛੱਡੋ ਕੋਹੜ ਕੱਢੋ, ਪਰ ਕਿਵੇਂ ,ਇਸ ਬਾਰੇ ਗਿਆਨ ਹਾਸਿਲ ਕਰਨ ਦੀ ਸਖਤ ਜ਼ਰੂਰਤ ਹੈ, ਕਦੇ ਇਹ ਨਾ ਸੋਚੋ ਕੋ ਮੇਰਾ ਪੁੱਤ ਧੀ ਤਾਂ ਨਸ਼ਿਆਂ ਇਸ ਤੋਂ ਬਚਿਆ ਹੈ, ਪਤਾ ਨਹੀਂ ਲਗਦਾ ਕੌਣ ਕਿਹੜੇ ਵੇਲੇ ਨਸ਼ੇ ਦੀ ਹਨੇਰੀ ਵਿੱਚ ਫਸ ਜਾਵੇ, ਸਾਨੂੰ ਹਰ ਸਮੇ ਇਸ ਤੋਂ ਸੁਚੇਤ ਰਹਿਣ ਦੀ ਜ਼ਰੂਰਤ ਹੈ, ਫਿਰ ਸਾਨੂੰ ਕਿਸੇ ਨਾਲ ਕੀ ਲਗੇ ਇੰਝ ਨਹੀਂ ਸੋਚਣਾ ਚਾਹੀਦਾ, ਆਓ ਆਪਾਂ ਵੀ ਆਪਣੀ ਸੋਚ ਬਦਲੀਏ, ÷ਤੈਨੂੰ ਕੀ ,ਮੈਨੂੰ ਕੀ ਤੇ ਸਾਨੂੰ ਕੀ ਵਾਲੀ ?÷ਨਸ਼ੇੜੀਆਂ ਨੂੰ ਆਪਣੇ ਤੋਂ ਦੂਰ ਨਹੀਂ ਨੇੜੇ ਲਾਈਏ, ਆਪਣੇ ਮਿੱਤਰ ਬਣਾਈਏ ਤਾਂ ਕਿ ਉਹ ਵੀ ਇੱਕ ਦਿਨ ਸਿਧੇ ਰਾਹ ਪੈ ਜਾਣ, ਉਹ ਵੀ ਫਿਰ ਦੁਬਾਰਾ ਇੱਕ ਸਮੂਚੇ ਸਮਾਜ ਦਾ ਅੱਟੁਟ ਹਿੱਸਾ ਬਣਕੇ ਸਾਡੇ ਨਾਲ ਵਿਚਰਨ ਲੱਗ ਜਾਣ,

**-ਸੂਬੇਦਾਰ ਜਸਵਿੰਦਰ ਸਿੰਘ ਭੁਲੇਰੀਆ** 7589155501

## ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈਟੀਓ ਨੇ ਜੰਡਿਆਲਾ ਗੁਰੂ ਹਲਕੇ ਦੇ ਪੱਤਰਕਾਰਾਂ ਨੂੰ ਦਿੱਤਾ ਖ਼ੂਬਸੂਰਤ ਤੋਹਫ਼ਾ

# 1.25 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਪ੍ਰੈੱਸ ਕਲੱਬ ਦੀ ਇਮਾਰਤ ਦਾ ਨੀਂਹ ਪੱਥਰ ਰੱਖਿਆ





ਜੰਡਿਆਲਾ ਗੁਰੂ 28 ਫਰਵਰੀ ( ਕੁਲਵੰਤ ਸਿੰਘ ਵਿਰਦੀ ) – ਸੂਬੇ ਦੇ ਲੋਕ ਨਿਰਮਾਣ ਮੰਤਰੀ ਅਤੇ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਵਿਧਾਇਕ ਸ. ਹਰਭਜਨ ਸਿੰਘ ਈਟੀਓ ਨੇ ਜੰਡਿਆਲਾ ਗੁਰੂ ਇਲਾਕੇ ਦੇ ਪੱਤਰਕਾਰਾਂ ਨੂੰ ਵੱਡਾ ਤੋਹਫ਼ਾ ਦਿੰਦਿਆਂ ਅੱਜ ਜੰਡਿਆਲਾ ਗੁਰੂ ਵਿਖੇ 1.25 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਪ੍ਰੈੱਸ ਕਲੱਬ ਦੀ ਇਮਾਰਤ ਦਾ ਨੀਂਹ ਪੱਥਰ ਰੱਖਿਆ। ਉਨ੍ਹਾਂ ਕਿਹਾ ਕਿ ਪ੍ਰੈੱਸ ਲੋਕਤੰਤਰ ਦਾ ਚੌਥਾ ਥੰਮ ਹੈ ਅਤੇ ਪੰਜਾਬ ਸਰਕਾਰ ਪੱਤਰਕਾਰ ਭਾਈਚਾਰੇ ਦੇ ਹੱਕਾਂ ਦੀ ਰਾਖੀ ਅਤੇ ਸਹੂਲਤਾਂ ਲਈ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਜੰਡਿਆਲਾ ਗੁਰੂ ਹਲਕੇ ਦੇ ਪੱਤਰਕਾਰਾਂ ਵੱਲੋਂ ਇਹ ਲੰਮੇ ਸਮੇਂ ਤੋਂ ਮੰਗ ਕੀਤੀ ਜਾ ਰਹੀ ਸੀ ਕਿ ਜੰਡਿਆਲਾ ਗੁਰੂ ਵਿਖੇ ਪ੍ਰੈੱਸ ਕਲੱਬ ਦੀ ਇਮਾਰਤ ਬਣਾਈ ਜਾਵੇ। ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈਟੀਓ ਨੇ ਕਿਹਾ ਕਿ ਉਨ੍ਹਾਂ ਨੇ ਪੱਤਰਕਾਰਾਂ ਦੀ ਇਸ ਮੰਗ ਨੂੰ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਧਿਆਨ ਵਿੱਚ ਲਿਆਂਦਾ ਸੀ ਅਤੇ ਮੁੱਖ ਮੰਤਰੀ ਨੇ ਪ੍ਰੈੱਸ ਕਲੱਬ ਜੰਡਿਆਲਾ ਗੁਰੂ ਦੀ ਇਮਾਰਤ ਲਈ 1.25 ਕਰੋੜ ਰੁਪਏ ਮਨਜ਼ੂਰ ਕਰ ਦਿੱਤੇ ਹਨ। ਪ੍ਰੈੱਸ ਕਲੱਬ ਜੰਡਿਆਲਾ ਗੁਰੂ ਦੀ ਬਿਲਡਿੰਗ ਦਾ ਨੀਂਹ ਪੱਥਰ ਰੱਖਣ ਮੌਕੇ ਗੱਲ ਕਰਦਿਆਂ ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈਟੀਓ ਨੇ ਕਿਹਾ ਕਿ ਇਹ ਪ੍ਰੈੱਸ ਕਲੱਬ ਪੱਤਰਕਾਰਾਂ ਲਈ ਵੱਡੀ ਸਹੂਲਤ ਸਾਬਤ ਹੋਵੇਗਾ। ਉਨ੍ਹਾਂ ਕਿਹਾ ਕਿ ਪ੍ਰੈੱਸ ਕਲੱਬ ਦੀ ਇਮਾਰਤ ਵਿੱਚ ਸਾਰੀਆਂ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਈਆਂ ਜਾਣਗੀਆਂ ਅਤੇ ਪੱਤਰਕਾਰ ਇੱਥੇ ਆਪਣੀਆਂ ਮੀਟਿੰਗਾਂ, ਪ੍ਰੈੱਸ ਕਾਨਫ਼ਰੰਸਾਂ ਅਤੇ ਵੱਖ–ਵੱਖ ਜਾਣਕਾਰੀ ਸੰਬੰਧੀ ਗਤੀਵਿਧੀਆਂ ਸੁਚਾਰੂ ਢੰਗ ਨਾਲ ਚਲਾ ਸਕਣਗੇ। ਉਨ੍ਹਾਂ ਨੇ ਭਰੋਸਾ ਦਿੱਤਾ ਕਿ ਪ੍ਰੈਸ ਕਲੱਬ ਦਾ ਨਿਰਮਾਣ ਕੰਮ ਉੱਚ ਗੁਣਵੱਤਾ ਅਤੇ ਨਿਰਧਾਰਿਤ ਸਮੇਂ ਅੰਦਰ ਪੂਰਾ ਕੀਤਾ ਜਾਵੇਗਾ, ਤਾਂ ਜੋ ਇਸਦਾ ਲਾਭ ਜਲਦੀ ਤੋਂ ਜਲਦੀ ਪੱਤਰਕਾਰ ਭਾਈਚਾਰੇ ਨੂੰ ਮਿਲ ਸਕੇ।ਇਸੇ ਦੌਰਾਨ ਜੰਡਿਆਲਾ ਗੁਰੂ ਦੇ ਸਮੂਹ ਪੱਤਰਕਾਰ ਭਾਈਚਾਰੇ ਨੇ ਪ੍ਰੈੱਸ ਕਲੱਬ ਦੀ ਇਮਾਰਤ ਬਣਾਉਣ ਲਈ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਤੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈਟੀਓ ਦਾ ਧੰਨਵਾਦ ਕੀਤਾ ਹੈ।ਇਸ ਮੌਕੇ ਵਰਿੰਦਰ ਸਿੰਘ ਮਲਹੋਤਰਾ, ਸਿਮਰਤਪਾਲ ਸਿੰਘ ਬੇਦੀ, ਸੁਰਿੰਦਰ ਸਿੰਘ ਲਹੌਰੀਆ,ਗੁਰਦੀਪ ਸਿੰਘ ਨਾਗੀ,ਕੁਲਦੀਪ ਸਿੰਘ ਭੁੱਲਰ, ਰਾਮਸਰਨਜੀਤ ਸਿੰਘ, ਗੁਰਦੇਵ ਸਿੰਘ ਮੱਲ੍ਹੀ, ਗੁਰਦੇਵ ਸਿੰਘ ਮਨਜੀਤਪਾਲ,ਸੋਨੂੰ ਮਿਗਲਾਨੀ,ਸੁਖਵਿੰਦਰ ਸਿੰਘ ਸੋਨੂੰ,ਰੌਕੀ ਜੈਨ, ਅਸਵਨੀ ਸਰਮਾ,ਵਰੁਣ ਸੋਨੀ,ਜਸਪਾਲ ਸਰਮਾ, ਕੁਲਵੰਤ ਸਿੰਘ ਵਿਰਦੀ,ਗੁਰਪ੍ਰੀਤ ਸਿੰਘ ਚੰਦੀ ,ਕਵਲਜੀਤ ਸਿੰਘ ਲਾਡੀ ਆਦਿ ਸਮੂਹ ਪੱਤਰਕਾਰ ਭਾਈਚਾਰਾ ਹਾਜਰ ਸੀ !

# ਐਕਸ ਸਰਵਿਸਮੈਨ ਲੀਗ ਦੀ ਹੋਈ ਮੀਟਿੰਗ



ਫ਼ਿਰੋਜ਼ਪੁਰ, 28 ਫਰਵਰੀ (ਮਨੋਹਰ ਲਾਲ) :— ਇੰਡੀਅਨ ਐਕਸ ਸਰਵਿਸ ਮੈਂਨ ਲੀਗ ਦੀ ਮੀਟਿੰਗ ਅੱਜ ਸੂਬੇਦਾਰ ਚੀਮਾ ਦੇ ਮਿੰਨੀ ਪੈਲੇਸ ਵਿਚ ਕੈਪਟਨ ਜਾਗੀਰ ਸਿੰਘ ਅਤੇ ਕੈਪਟਨ ਬਗੀਚਾ ਸਿੰਘ ਦੀ ਮਜੂਦਗੀ ਵਿਚ ਹੋਈ। ਇਸ ਮੀਟਿੰਗ ਦੌਰਾਨ ਹਾਜ਼ਰ ਅਹੁਦੇਦਾਰਾਂ ਵੱਲੋਂ ਆਪਣੇ—ਆਪਣੇ ਪੁਆਇੰਟ ਦਸੇ ਈ.ਸੀ.ਐਚ.ਐਸ ਬਾਰੇ ਵੀ ਪੁਆਇੰਟ ਦਸੇ ਅਤੇ ਕਿਸੀ ਵੀ ਪ੍ਰਕਾਰ ਦੀ ਗੱਲ ਹੋਵੇ ਤਾਂ ਸਭ ਤੋਂ ਪਹਿਲਾ ਆਪਣੇ ਫੋਜੀ ਦੀ ਮਦਦ ਕਰਨੀ ਚਾਹੀਦੀ ਹੈ ਬਾਕੀ ਸਾਰਿਆਂ ਦੀਆ ਮੁਸਕਲਾਂ ਸੁਣੀਆਂ ਤੇ ਅਖੀਰ ਵਿਚ ਸਾਰੀਆਂ ਦਾ ਧੰਨਵਾਦ ਕੀਤਾ।ਮੀਟਿੰਗ ਵਿਚ ਕੈਪਟਨ ਬਗੀਚਾ ਸਿੰਘ, ਕੈਪਟਨ ਬਲਬੀਰ ਸਿੰਘ, ਕੈਪਟਨ ਬਖਸ਼ਿਸ਼ ਸਿੰਘ, ਕੈਪਟਨ ਲਖਵਿੰਦਰ ਸਿੰਘ, ਕੈਪਟਨ ਸੁਖਦੇਵ ਸਿੰਘ, ਸੂਬੇਦਾਰ ਮੇਜਰ ਰਸ਼ਪਾਲ ਸਿੰਘ, ਸੂਬੇਦਾਰ ਹੋਸ਼ਿਆਰ ਸਿੰਘ, ਸੂਬੇਦਾਰ ਬਖਸ਼ਿਸ਼ ਸਿੰਘ, ਸੂਬੇਦਾਰ ਜਾਗੀਰ ਸਿੰਘ, ਸੂਬੇਦਾਰ ਧੀਰਾ ਸਿੰਘ, ਨਾਇਬ ਸੂਬੇਦਾਰ ਬਲਵਿੰਦਰ ਸਿੰਘ, ਨਾਇਬ ਸੂਬੇਦਾਰ ਲਸ਼ਮਣ ਸਿੰਘ, ਹਵਾਲਦਾਰ ਰਤਨ ਸਿੰਘ, ਹਵਾਲਦਾਰ ਗੁਰਮੇਲ ਸਿੰਘ, ਹਵਾਲਦਾਰ ਪ੍ਰੀਤ ਚੰਦ, ਹਵਾਲਦਾਰ ਰਾਜਬੀਰ ਸਿੰਘ ਲੱਖੋਕੇ ਬਹਿਰਾਮ, ਹਵਾਲਦਾਰ ਸਵਰਨ ਸਿੰਘ ਭੰਗੁਰ, ਨਾਇਕ ਸਵਰਨ ਸਿੰਘ, ਨਾਇਕ ਦਰਸ਼ਨ ਸਿੰਘ, ਨਾਇਕ ਕੁਲਵੰਤ ਸਿੰਘ, ਨਾਇਕ ਗੁਰਚਰਨ ਸਿੰਘ, ਹਵਾਲਦਾਰ ਮੇਹਰ ਸਿੰਘ, ਹਵਾਲਦਾਰ ਪਰਮਜੀਤ ਖਾਨਪੁਰ, ਨਾਇਕ ਗੁਰਦੇਵ ਸਿੰਘ ਆਦਿ ਹਾਜਰ ਹੋਏ।

# ਨਸ਼ੇ ਦੀ ਬਿਮਾਰੀ ਦਾ ਖਾਤਮਾ ਜ਼ਰੂਰੀ ਤੇ ਹੁਣ ਰੱਬ ਹੀ ਕਰੇ ਰਹਿਮਤ—ਪੀ.ਸੀ ਕੁਮਾਰ



ਫ਼ਿਰੋਜ਼ਪੁਰ, 28 ਫਰਵਰੀ (ਮਨੋਹਰ ਲਾਲ) :— ਪਿਛਲੇ ਕਈ ਦਹਾਕਿਆਂ ਤੋਂ ਸਕੂਲੀ ਬੱਚਿਆਂ ਨੂੰ ਦਿਨ ਦੀ ਸ਼ੁਰੂਆਤ ਚੰਗੇ ਕਾਰਜਾਂ ਅਤੇ ਸਮਾਜ ਸੇਵੀ ਕਾਰਜਾਂ ਨਾਲ ਕਰਨ ਦੀ ਦੁਹਾਈ ਦਿੰਦੇ ਆ ਰਹੇ ਪੀ.ਸੀ ਕੁਮਾਰ ਵੱਲੋਂ ਅੱਜ ਮਾਲਵਾ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਫ਼ਿਰੋਜ਼ਪੁਰ ਵਿਖੇ ਪਹੁੰਚ ਕੇ ਨਸ਼ਿਆਂ ਤੇ ਚੋਟ ਕਰਦਿਆਂ ਆਪਣੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਨਸ਼ੇ ਦੀ ਬਿਮਾਰੀ ਉਪਰ ਹੁਣ ਤਾਂ ਖੁਦਾ ਦੀ ਹੀ ਰਹਿਮਤ ਹੋਵੇ ਤਾਂ ਨਸ਼ੇ ਦਾ ਖਾਤਮਾ ਹੋ ਸਕਦਾ ਹੈ ਅਤੇ ਨਸ਼ੇ ਦਾ ਖਾਤਮਾ ਹੋਣਾ ਸਮੇਂ ਦੀ ਮੁੱਖ ਮੰਗ ਹੈ। ਉਨ੍ਹਾਂ ਕਿਹਾ ਕਿ ਅਸੀਂ ਸਭ ਇਸ ਵੱਧ ਰਹੇ ਨਸ਼ੇ ਨੂੰ ਲੈ ਕੇ ਕਾਫੀ ਚਿੰਤਤ ਹਾਂ ਅਤੇ ਇਹ ਨਸ਼ਾ ਦਿਨੋ—ਦਿਨ ਵਧਦਾ ਹੀ ਜਾ ਰਿਹਾ ਹੈ, ਜ਼ੋ ਗੰਭੀਰ ਚਿੰਤਾ ਦਾ ਵਿਸ਼ਾ ਹੈ ਅਤੇ ਹੁਣ ਆਲਮ ਇਹ ਬਣ ਚੁੱਕਾ ਹੈ ਕਿ ਹਾਲਾਤ ਬਦ ਤੋਂ ਬਦਤਰ ਬਣ ਚੁੱਕੇ ਹਨ। ਉਨ੍ਹਾਂ ਨੌਜਵਾਨੀ ਨੂੰ ਇਨ੍ਹਾਂ ਨਸ਼ਿਆਂ ਦੇ ਮਾੜਾ ਹਾਲਾਤਾਂ ਤੋਂ ਸੇਧ ਲੈ ਕੇ ਆਪਣੇ ਪਰਿਵਾਰਕ ਮੈਂਬਰਾਂ ਅਤੇ ਆਸ—ਪਾਸ ਦੇ ਲੋਕਾਂ ਨੂੰ ਨਸ਼ਿਆਂ ਤੋਂ ਬਚਣ ਹਿੱਤ ਖੁਦ ਸੁਧਰੋ ਤੇ ਦੂਸਰਿਆਂ ਨੂੰ ਸੁਧਾਰੋ ਵਿਸ਼ੇ ਤੇ ਕੰਮ ਕਰਨ ਲਈ ਪ੍ਰੇਰਿਤ ਕੀਤਾ ਤਾਂ ਜ਼ੋ ਨਸ਼ਿਆਂ ਦੇ ਦਲਦਲ ਵਿਚੋਂ ਪੰਜਾਬ ਮੁਕਤ ਹੋ ਸਕੇ। ਗੱਲਬਾਤ ਕਰਦਿਆਂ ਪੀ.ਸੀ ਕੁਮਾਰ ਨੇ ਕਿਹਾ ਕਿ ਜੇਕਰ ਆਮ ਲੋਕਾਂ ਦੇ ਨਾਲ—ਨਾਲ ਸਮਾਜ ਸੇਵੀ, ਅਧਿਆਪਕ, ਧਾਰਮਿਕ ਜਥੇਬੰਦੀਆਂ ਸਮੇਤ ਸਿਆਸਤਦਾਨ ਇਸ ਨਸ਼ੇ ਵਿਰੁੱਧ ਬਿਗੁਲ ਵਜਾਉਣ ਤਾਂ ਇਸ ਨਸ਼ੇ ਤੇ ਚਿੱਤ ਪਾਈ ਜਾ ਸਕਦੀ ਹੈ।

## ਹੋਲੀ



ਹੋਲੀ ਦਾ ਆਇਆ ਤਿਉਹਾਰ,
ਖੇਡਣ ਨੂੰ ਸਭ ਹੋਏ ਤਿਆਰ।
ਰੌਣਕ ਨੇ ਭਰ ਕੇ ਪਿਚਕਾਰੀ,
ਰੋਮਾਂਚਕ ਦੇ ਟਿਕਾ ਕੇ ਮਾਰੀ।
ਵਾਰੀ-ਵਾਰੀ ਵਜਾ ਕੇ ਘੰਟੀ,
ਮਸਾਂ ਕੱਢਿਆ ਬਾਹਰ ਬੰਟੀ।
ਰੰਗਾਂ ਨਾਲ ਭਰੇ ਹੋਏ ਗੁਬਾਰੇ,
ਸਭ ਨੇ ਇੱਕ ਦੂਜੇ ਦੇ ਮਾਰੇ।
ਸ਼ਾਮ ਤੱਕ ਪੈਂਦਾ ਰਿਹਾ ਸ਼ੋਰ,
ਈਸਟਾ ਕਹੇ ਮੈਂ ਖੇਡੂੰ ਹੋਰ।
ਚਾਰ ਚੁਫੇਰੇ ਖੁਸ਼ੀਆਂ ਦੇ ਰੰਗ,
ਮਹਿਸੂਸ ਨਾ ਹੁੰਦੀ ਭੋਰਾ ਠੰਡ।
ਮਾੜੇ ਰੰਗਾਂ ਤੋਂ ਕਰਨਾ ਗੁਰੇਜ਼,
ਚਮੜੀ ਨੂੰ ਪਹੁੰਚਾਉਂਦੇ ਨੇ ਠੇਸ।


**-ਚਮਨਦੀਪ ਸ਼ਰਮਾ, ਮਹਾਰਾਜਾ ਯਾਦਵਿੰਦਰਾ ਇਨਕਲੇਵ, ਨਾਭਾ ਰੋਡ, ਪਟਿਆਲਾ ਸੰਪਰਕ-** 95010 33005

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਮਿਤੀ 28 ਫਰਵਰੀ ਪਿੰਡ ਗੰਡਾ ਸਿੰਘ ਵਾਲਾ (ਗੁਰਬਖਸ਼ਪੁਰਾ) ਸੰਗਰੂਰ ਵਿਖੇ

# ਤਿੰਨ ਰੋਜ਼ਾ ਧਾਰਮਿਕ ਦੀਵਾਨਾ ਚੋਂ ਅੱਜ ਦੂਜੇ ਦਿਨ ਦੇ ਦੀਵਾਨ ਦੀ ਹਾਜ਼ਰੀ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੇ ਭਰੀ







ਮਿਤੀ 28 ਫਰਵਰੀ ਪਿੰਡ ਗੰਡਾ ਸਿੰਘ ਵਾਲਾ (ਗੁਰਬਖਸ਼ਪੁਰਾ) ਸੰਗਰੂਰ ਵਿਖੇ ਤਿੰਨ ਰੋਜ਼ਾ ਧਾਰਮਿਕ ਦੀਵਾਨਾ ਚੋਂ ਅੱਜ ਦੂਜੇ ਦਿਨ ਦੇ ਦੀਵਾਨ ਦੀ ਹਾਜ਼ਰੀ ਭਰਦੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਅਤੇ ਹਾਜ਼ਰ ਸਿੱਖ ਸੰਗਤਾਂ,ਸੰਤ ਹਾਕਮ ਸਿੰਘ ਨਿਰਮਲੇ ਗੰਡਾ ਸਿੰਘ ਵਾਲਾ ਨੇ ਜਥੇਦਾਰ ਦਾਦੂਵਾਲ ਜੀ ਨੂੰ ਆਪਣੇ ਅਸਥਾਨ ਤੇ ਬੁਲਾ ਕੇ ਸਨਮਾਨਿਤ ਕੀਤਾ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਖਾਰਘਰ (ਨਵੀਂ ਮੁੰਬਈ) ਵਿਖੇ ਪੂਰੇ ਜਾਹੋ ਜਲਾਲ ਨਾਲ

# 350 ਸਾਲਾ ਸ਼ਤਾਬਦੀ ਸਮਾਗਮਾਂ ਦੀ ਹੋਈ ਆਰੰਭਤਾ

☛ ਉਵੈ ਮੈਦਾਨ 'ਚ ਬਣੇ 'ਸ੍ਰੀ ਗੁਰੁ ਤੇਗ ਬਹਾਦਰ ਜੀ' ਦਰਬਾਰ ਅੰਦਰ ਵੱਖ ਵੱਖ ਸਮਾਜਾਂ ਦਾ ਹੋਇਆ ਖੂਬਸੂਰਤ ਸੁਮੇਲ ☛ ਗੁਰੁ ਸਾਹਿਬ ਜੀ ਦੀ ਧਰਮ ਆਜ਼ਾਦੀ,ਮਨੁੱਖਤਾ ਤੇ ਨਿਆਂ ਦਾ ਸੰਦੇਸ਼ ਨਵੀਂ ਪੀੜ੍ਹੀ ਤੱਕ ਪੁਹੰਚਾਉਣਾ ਹੀ ਸ਼ਤਾਬਦੀ ਸਮਾਗਮਾਂ ਦਾ ਮੁੱਖ ਮਕਸਦ -ਸੰਤ ਗਿ.ਹਰਨਾਮ ਸਿੰਘ ਖਾਲਸਾ





**ਚੌਕ ਮਹਿਤਾ,28 ਫਰਵਰੀ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਧੰਨ ਧੰਨ ਸਾਹਿਬ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਤੇ ਸਾਹਿਬ ਸ੍ਰੀ ਗੁਰੁ ਗੋਬਿੰਦ ਸਿੰਘ ਜੀ ਦੀ 350 ਸਾਲਾ ਗੁਰਤਾਗੱਦੀ ਸ਼ਤਾਬਦੀ ਨੂੰ ਸਮਰਪਿਤ ਮਹਾਰਾਸ਼ਟਰ ਵਿਖੇ ਮਨਾਏ ਜਾ ਰਹੇ ਦੋ ਦਿਨਾਂ ਸ਼ਤਾਬਦੀ ਸਮਾਗਮਾਂ ਦੀ ਅੱਜ ਨਵੀਂ ਮੁੰਬਈ ਦੇ ਖਾਰਘਰ ਵਿਖੇ ਪੂਰੇ ਜਾਹੋ ਜਲਾਲ ਨਾਲ ਆਰੰਭਤਾ ਹੋ ਚੁੱਕੀ ਹੈ।




ਮੁੱਖ ਮੰਤਰੀ ਮਹਾਂਰਾਸ਼ਟਰ ਸ੍ਰੀ ਦੇਵੇਂਦਰ ਫੜਨਵੀਸ ਦੇ ਵਿਸ਼ੇਸ਼ ਸਹਿਯੋਗ ਤੇ ਦਮਦਮੀ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਸਰਪ੍ਰਸਤੀ ਹੇਠ ਆਯੋਜਿਤ ਇੰਨ੍ਹਾਂ ਸ਼ਤਾਬਦੀ ਸਮਾਗਮਾਂ ਦੌਰਾਨ ਖਾਰਘਰ ਦੇ ਉਵੈ ਮੈਦਾਨ 'ਚ ਬਣੇ ਵਿਸ਼ਾਲ ਤੇ ਅਤਿ ਸੁੰਦਰ 'ਸ੍ਰੀ ਗੁਰੁ ਤੇਗ ਬਹਾਦਰ ਜੀ' ਦਰਬਾਰ ਅੰਦਰ 'ਹਿੰਦ ਦੀ ਚਾਦਰ' ਸ੍ਰੀ ਗੁਰੁ ਤੇਗ ਬਹਾਦਰ ਸਾਹਿਬ ਜ ਿਤੇ ਨਾਲ ਸ਼ਹੀਦ ਹੋਏ ਭਾਈ ਮਤੀ ਦਾਸ ਜੀ,ਭਾਈ ਸਤੀ ਦਾਸ ਜੀ ਤੇ ਭਾਈ ਦਿਆਲਾ ਜੀ ਦੀ ਸ਼ਹਾਦਤ ਨੂੰ ਸਿਜਦਾ ਹੋਣ ਲਈ ਜੁੜ ਬੈਠੀਆਂ ਸਿੱਖ ਸਮੁਦਾਏ ਤੇ ਹੋਰ ਵੱਖ ਵੱਖ ਸਮਾਜਾਂ ਤੋ ਪੁੱਜੀਆਂ ਨਾਨਕ ਨਾਮ ਲੇਵਾ ਸੰਗਤਾਂ ਦਾ ਇੱਕ ਖੂਬਸੂਰਤ ਸੁਮੇਲ ਦੇਖਣ ਨੂੰ ਮਿਲਿਆ।

ਸੁਨਹਿਰੇ ਰੰਗ ਨਾਲ ਚਮਕ ਰਹੇ ਤੇ ਫੁੱਲਾਂ ਨਾਲ ਸਜੇ ਅਤੀ ਸੁੰਦਰ ਦਰਬਾਰ ਅੰਦਰ ਮਰਿਯਾਦਾ ਅਨੁਸਾਰ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ 'ਆਸਣ' ਉਪੱਰ ਸੌਸ਼ਿਭਤ ਕੀਤੇ ਜਾਣ ਉਪਰੰਤ ਅੱਜ ਦੇ ਸਮਾਗਮ ਦੀ ਸ਼ੁਰੂਆਤ ਕੀਤੀ ਗਈ।ਇਸ ਦੌਰਾਨ ਪੰਥ ਪ੍ਰਸਿੱਧ ਕੀਰਤਨੀਏ ਭਾਈ ਜਸਬੀਰ ਸਿੰਘ ਪਟਨਾ ਸਾਹਿਬ ਤੇ ਭਾਈ ਚਮਨਜੀਤ ਸਿੰਘ ਦਿੱਲੀ ਵਾਲੇ,ਰਾਗੀ ਭਾਈ ਉਕਾਂਰ ਸਿੰਘ ਤੇ ਰਾਗੀ ਭਾਈ ਕਾਰਜ ਸਿੰਘ ਹਜ਼ੂਰੀ ਰਾਗੀ ਸ੍ਰੀ ਹਰਿਮੰਦਰ ਸਾਹਿਬ ,ਕਵੀਸ਼ਰ ਭਾਈ ਕੇਵਲ ਸਿੰਘ ਤੇ ਢਾਡੀ ਭਾਈ ਤਰਲੋਚਨ ਸਿੰਘ ਦੇ ਜਥਿਆ ਨੇ ਲੱਖਾਂ ਦੀ ਗਿਣਤੀ 'ਚ ਜੁੜ ਬੈਠੀ ਸੰਗਤ ਨੂੰ ਗੁਰ ਜਸ ਸਰਵਣ ਕਰਾਇਆ। ਮਹਾਰਾਸ਼ਟਰ 'ਚ ਬੜੀ ਹੀ ਵਿਸ਼ਾਲਤਾ ਨਾਲ ਰਾਜ ਪੱਧਰ 'ਤੇ ਕਰਾਏ ਜਾ ਰਹੇ ਸ਼ਤਾਬਦੀ ਸਮਾਗਮਾਂ ਲਈ ਦਮਦਮੀ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਮੁੱਖ ਮੰਤਰੀ ਸ੍ਰੀ ਦੇਵੇਂਦਰ ਫੜਨਵੀਸ ਦਾ ਧੰਨਵਾਦ ਕਰਦਿਆਂ ਕਿਹਾ ਕਿ ਮਹਾਰਾਸ਼ਟਰ ਸਰਕਾਰ ਦੇ ਬਹੁਤ ਹੀ ਸ਼ਲਾਘਾਯੋਗ ਉਪਰਾਲੇ ਸਦਕਾ ਅੱਜ ਧਾਰਮਿਕ ਸੁਤੰਤਰਤਾ ਤੇ ਮਨੁੱਖੀ ਹੱਕਾਂ ਦੀ ਰਾਖੀ ਲਈ ਆਪਣਾ ਸੀਸ ਨੌਸ਼ਾਵਰ ਕਰਨ ਵਲੇ ਸਾਹਿਬ ਸ੍ਰੀ ਗੁਰੁ ਤੇਗ ਬਹਾਦਰ ਸਾਹਿਬ ਜੀ ਦੀ ਅਦੁੱਤੀ ਤੇ ਲਾ ਮਿਸਾਲ ਸ਼ਹਾਦਤ ਤੋਂ ਅੱਜ ਮਹਾਰਾਸ਼ਟਰ ਦਾ ਬੱਚਾ-ਬੱਚਾ ਜਾਣੂ ਹੈ।ਗੁਰੁ ਸਾਹਿਬ ਜੀ ਦੀ ਧਰਮ ਆਜ਼ਾਦੀ,ਮਨੁੱਖਤਾ ਤੇ ਨਿਆਂ ਦਾ ਸੰਦੇਸ਼ ਨਵੀਂ ਪੀੜ੍ਹੀ ਤੱਕ ਪੁਹੰਚਾਉਣਾ ਹੀ ਇੰਨ੍ਹਾਂ ਸ਼ਤਾਬਦੀ ਸਮਾਗਮਾਂ ਦਾ ਮੁੱਖ ਮਕਸਦ ਸੀ,ਜਿਸ ਲਈ ਮਹਾਰਾਸ਼ਟਰ ਸਰਕਾਰ ਪੂਰੀ ਤਰ੍ਹਾਂ ਸਫਲ ਰਹੀ ਹੈ।

ਅੱਜ ਦੇ ਸਮਾਗਮ 'ਚ ਮੁੱਖ ਤੌਰ 'ਤੇ ਸ਼ਾਮਿਲ ਹੋਏ ਸਵਾਮੀ ਰਾਮਦੇਵ ਨੇ ਗੁਰੁ ਸਾਹਿਬ ਦੀ ਸ਼ਹਾਦਤ ਨੂੰ ਪ੍ਰਣਾਮ ਕਰਦੇ ਹੋਏ ਕਿਹਾ ਕਿ ਚਾਹੇ ਅੱਜ ਅਸੀ ਸ੍ਰੀ ਗੁਰੁ ਤੇਗ ਬਹਾਦਰ ਜੀ ਦੀ 350 ਸਾਲਾ ਸ਼ਹੀਦੀ ਦਿਵਸ ਨੂੰ ਬੜੇ ਪਿਆਰ ਸਤਿਕਾਰ ਨਾਲ ਮਨਾ ਰਹੇ ਹਨ ਪਰ ਸਨਾਤਨ ਧਰਮ ਦੀ ਰੱਖਿਆ ਲਈ ਆਪਣਾ ਸੀਸ ਕੁਰਬਾਨ ਕਰ ਦੇਣ ਵਾਲੇ ਐਸੇ ਮਹਾਨ ਗੁਰੂ ਦੀ ਸ਼ਹਾਦਤ ਨੂੰ ਹਰੇਕ ਦਿਨ ਯਾਦ ਕੀਤਾ ਜਾਣਾ ਚਾਹੀਦਾ ਹੈ।

ਇਸਦੇ ਨਾਲ ਹੀ ਮੁੱਖ ਮੰਤਰੀ ਮਹਾਂਰਾਸ਼ਟਰਾ ਰਾਹਤ ਫੰਡ ਦੇ ਇੰਚਾਰਜ ਸ੍ਰੀ ਰਾਮੇਸ਼ਵਰ ਨਾਇਕ ,ਸੰਤ ਬਾਬੂ ਸਿੰਘ ਮਹਾਰਾਜ ਔਰਾ ਦੇਵੀ ਮਹੰਤ ਬਣਜਾਰਾ ਸਮਾਜ,ਹਰਬੰਸ ਸਿੰਘ ਯੂ.ਐੱਸ.ਏ. ਆਦਿ ਸ਼ਖਸ਼ੀਅਤਾਂ ਨੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਨੂੰ ਯਾਦ ਕਰਦਿਆ ਦਮਦਮੀ ਟਕਸਾਲ ਤੇ ਮਹਾਂਰਾਸ਼ਟਰ ਸਰਕਾਰ ਦੇ ਉਪਰਾਲੇ ਸਦਕਾ ਹੋ ਰਹੇ ਇਤਿਹਾਸਕ ਸਮਾਗਮਾਂ ਦੀ ਸ਼ਲਾਘਾ ਕੀਤੀ ਗਈ। ਇਸ ਮੌਕੇ ਸਿੰਘ ਸਾਹਿਬ ਗਿਆਨੀ ਬਲਦੇਵ ਸਿੰਘ ਪਟਨਾ ਸਾਹਿਬ,ਸਿੰਘ ਸਾਹਿਬ ਗਿਆਨੀ ਗਗਨਦੀਪ ਸਿੰਘ ਹਜ਼ੂਰੀ ਕਥਾ ਵਾਚਕ ਪਟਨਾ ਸਾਹਿਬ,ਗਿਆਨੀ ਗੁਰਦਿਆਲ ਸਿੰਘ,ਕੈਸ਼ੀਅਰ ਮਨਜੀਤ ਸਿੰਘ,ਭਾਈ ਸੁਰਜੀਤ ਸਿੰਘ ਢੁੱਪਈ,ਚੇਅਰਮੈਨ ਵਿਜੇ ਸਤਬੀਰ ਸਿੰਘ ਤਖਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਨੰਦੇੜ, ਬਾਬੂ ਸਿੰਘ ਮਹਾਰਾਜ, ਸੰਤ ਰਾਮ ਸਿੰਘ ਮਹਾਰਾਜ ਲੁਬਾਣਾ ਸਮਾਜ ,ਤੇਜਾ ਸਿੰਘ ਬਾਵਰੀ ਸ਼ਿਕਲੀਗਰ ਸਮਾਜ, ਭਾਈ ਜਸਪਾਲ ਸਿੰਘ ਸਿੱਧੂ ਮੁੰਬਈ, ਚਰਨਜੀਤ ਸਿੰਘ ਹੈਪੀ ,ਗੁਰਮੀਤ ਸਿੰਘ ਖੋਖਰ, ਨਰਿੰਦਰ ਸਿੰਘ ਨਾਗਪੁਰ,ਹਰਦੀਪ ਸਿੰਘ ਗਿੱਲ ਰਾਸ਼ਟਰੀ ਸਫਾਈ ਕਰਮਚਾਰੀ ਕਮਿਸ਼ਨ ਭਾਰਤ ਸਰਕਾਰ, ਜਥੇਦਾਰ ਬਾਬਾ ਅਜੀਤ ਸਿੰਘ ਮੁਖੀ ਤਰਨਾ ਦਲ,ਗਿਆਨੀ ਸਾਹਬ ਸਿੰਘ,ਪ੍ਰਿੰ. ਹਰਸ਼ਦੀਪ ਸਿੰਘ ਰੰਧਾਵਾ,ਡਾ. ਅਵਤਾਰ ਸਿੰਘ ਬੁੱਟਰ , ਮਲਕੀਤ ਸਿੰਘ ਬੱਲ, ਸਰਪੰਚ ਕਸ਼ਮੀਰ ਸਿੰਘ ਮਹਿਤਾ,ਹਰਦੀਪ ਸਿੰਘ ਸੰਧੂ,ਭਾਈ ਸੁਰਜੀਤ ਸਿੰਘ ਗਿੱਲ ,ਪ੍ਰਿੰ.ਜੋਬਨਪ੍ਰੀਤ ਸਿੰਘ ਤੋਂ ਇਲਾਵਾ ਹੋਰ ਵੀ ਬਹੁਤ ਸਾਰੀਆਂ ਸ਼ਖਸ਼ੀਅਤਾਂ ਹਾਜ਼ਰ ਸਨ।

## ਇੱਕ ਨਜ਼ਰ...



### ਨਵਜੋਤ ਕੌਰ ਹੁੰਦਲ ਨੂੰ ਪੰਜਾਬ ਐਨਰਜੀ ਡਿਵੈਲਪਮੈਂਟ ਏਜੰਸੀ ਪੰਜਾਬ ਦੇ ਚੇਅਰਪਰਸਨ ਲੱਗਣ 'ਤੇ ਸਰਪੰਚ ਗੁਰਬਿੰਦਰ ਸਿੰਘ ਗਾਹਿਰੀ ਨੇ ਦਿੱਤੀ ਵਧਾਈ

ਸਰਾਏ ਅਮਾਨਤ ਖਾਂ, 28 ਫਰਵਰੀ (ਆਵਾਜ਼ਿ ਕੌਮ ਬਿਊਰੋ)-ਆਮ ਆਦਮੀ ਪਾਰਟੀ ਦੇ ਵਿਧਾਨ ਸਭਾ ਹਲਕਾ ਤਰਨਤਾਰਨ ਤੋਂ ਮਰਹੂਮ ਵਿਧਾਇਕ ਡਾ ਕਸ਼ਮੀਰ ਸਿੰਘ ਸੋਹਲ ਦੇ ਧਰਮ ਪਤਨੀ ਨਵਜੋਤ ਕੌਰ ਹੁੰਦਲ ਨੂੰ ਪੰਜਾਬ ਐਨਰਜੀ ਡਿਵੈਲਪਮੈਂਟ ਏਜੰਸੀ ਪੰਜਾਬ ਊਰਜਾ ਸ੍ਰੋਤ ਪੰਜਾਬ ਦੇ ਚੇਅਰਪਰਸਨ ਬਣਨ ਤੇ ਉਨ੍ਹਾਂ ਨੂੰ ਸਰਪੰਚ ਗੁਰਬਿੰਦਰ ਸਿੰਘ ਗਾਹਿਰੀ ਵੱਲੋਂ ਚੰਡੀਗੜ੍ਹ ਵਿਖੇ ਹੋਈ ਉਨ੍ਹਾਂ ਦੀ ਤਾਜਪੋਸ਼ੀ ਦੋਰਾਨ ਉਨ੍ਹਾਂ ਨੂੰ ਲੱਖ ਲੱਖ ਵਧਾਈਆਂ ਦਿੱਤੀਆਂ ਤੇ ਸਿਰੋਪਾਉ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਸਰਪੰਚ ਗੁਰਬਿੰਦਰ ਸਿੰਘ ਗਾਹਿਰੀ ਨੇ ਕਿਹਾ ਕਿ ਸਾਡੇ ਲਈ ਬੜੇ ਮਾਣ ਵਾਲੀ ਗੱਲ ਹੈ ਕਿ ਆਮ ਆਦਮੀ ਪਾਰਟੀ ਦੇ ਹਲਕਾ ਤਰਨਤਾਰਨ ਦੇ ਵਿਧਾਇਕ ਸਵ ਡਾ ਕਸ਼ਮੀਰ ਸਿੰਘ ਸੋਹਲ ਨੇ ਜੋ ਮਿਹਨਤ ਕੀਤੀ ਸੀ ਉਸ ਮਿਹਨਤ ਦੇ ਸਦਕਾ ਹੀ ਮੈਡਮ ਨਵਜੋਤ ਕੌਰ ਹੁੰਦਲ ਨੂੰ ਆਪ ਪਾਰਟੀ ਨੇ ਇਨ੍ਹਾਂ ਵੱਡਾ ਮਾਣ ਸਤਿਕਾਰ ਬਖਸ਼ਿਆ ਹੈ ਤੇ ਅਸੀਂ ਵਿਸ਼ਵਾਸ ਦਿਵਾਉਂਦੇ ਹਾਂ ਕਿ ਮੈਡਮ ਨਵਜੋਤ ਕੌਰ ਹੁੰਦਲ ਵੱਲੋਂ ਸਾਡੀ ਜੋ ਵੀ ਡਿਊਟੀ ਜਾਵੇਗੀ ।ਉਸ ਨੂੰ ਪੂਰੀ ਤਨਦੇਹੀ ਨਾਲ ਨਿਭਾਵਾਂਗੇ ਤੇ ਮੈਡਮ ਨਵਜੋਤ ਕੌਰ ਹੁੰਦਲ ਦਾ ਹਰ ਪੱਖੋਂ ਸਾਥ ਦੇਵਾਂਗੇ। ਸਾਨੂੰ ਮਾਣ ਹੈ ਕਿ ਮੈਡਮ ਚੇਅਰਪਰਸਨ ਦੀ ਜ਼ਿੰਮੇਵਾਰੀ ਨਿਭਾਉਂਦੇ ਹੋਏ ਪਾਰਟੀ ਵਿੱਚ ਆਪਣਾ ਹੋਰ ਕੱਦ ਉੱਚਾ ਕਰਕੇ ਪਾਰਟੀ ਨੂੰ ਮਜ਼ਬੂਤ ਕਰਨਗੇ ।

### ਸਵ: ਹਸਨਬੀਰ ਸੰਧੂ ਦੀ ਯਾਦ ਵਿੱਚ ਤੀਸਰਾ ਨਿਰੋਲ ਲੈਦਰ ਕ੍ਰਿਕਟ ਟੂਰਨਾਮੈਂਟ ਦੂਜੇ ਦਿਨ 'ਚ ਦਾਖਲ

**ਅੱਜ ਜੇਤੂ ਤੇ ਉੱਪ ਜੇਤੂ ਟੀਮਾਂ ਨੂੰ ਇਨਾਮ ਵੰਡੇ ਜਾਣਗੇ**



ਸਰਾਏ ਅਮਾਨਤ ਖਾਂ, 28 ਫਰਵਰੀ (ਆਵਾਜ਼ਿ ਕੌਮ ਬਿਊਰੋ)- ਸਰਹੱਦੀ ਪਿੰਡ ਨੋਸਹਿਰਾ ਢਾਲਾ ਵਿਖੇ ਸਵ ਹਸਨਬੀਰ ਸੰਧੂ ਦੀ ਯਾਦ ਵਿੱਚ ਤਿੰਨ ਰੋਜ਼ਾ, ਤੀਸਰਾ ਕ੍ਰਿਕਟ ਟੂਰਨਾਮੈਂਟ ਦੀ ਅੱਜ ਦੂਜੇ ਦਿਨ ਨੋਸਿਹਰਾ ਢਾਲਾ ਦੇ ਖੇਡ ਸਟੇਡੀਅਮ ਚ ਸ਼ੁਰੂਆਤ ਕੀਤੀ ਗਈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪਵਨ ਸੰਧੂ ਨੇ ਕਿਹਾ ਕਿ ਵਿਚ ਅੱਠ ਟੀਮਾਂ ਨੇ ਭਾਗ ਲਿਆ। ਉਨ੍ਹਾਂ ਨੇ ਨੋਜਵਾਨਾਂ ਨੂੰ ਕਿਹਾ ਕਿ ਨਸ਼ਿਆਂ ਨੂੰ ਛੱਡੋ ਅਤੇ ਖੇਡਾਂ ਵੱਲ ਧਿਆਨ ਦੇਣ ਜੋ ਆਪਣੇ ਪਿੰਡ ਦਾ ਤੇ ਮਾਪਿਆਂ ਦਾ ਨਾਮ ਰੌਸ਼ਨ ਕਰਨ ।ਇਸ ਮੌਕੇ ਸਰਪੰਚ ਜਗਬੀਰ ਸਿੰਘ ਟਿੰਮੀ, ਪਵਨ ਸੰਧੂ, ਹਰਪਾਲ ਸਿੰਘ ਸੰਧੂ, ਬਰਿੰਦਰਜੀਤ ਸਿੰਘ ਸੰਧੂ, ਗੁਰਜੀਤ ਸਿੰਘ ਸੰਧੂ, ਕੈਪਟਨ ਸੰਧੂ, ਅਵਤਾਰ ਸਿੰਘ ਬੁਰਜ, ਜਸਪਾਲ ਸੰਧੂ ਆਦਿ ਹਾਜ਼ਰ ਸਨ ਇਸ ਤੋਂ ਇਲਾਵਾ ਅੱਜ 1 ਮਾਰਚ ਨੂੰ ਜੈਤੂ ਤੇ ਉੱਪ ਜੇਤੂ ਟੀਮਾਂ ਨੂੰ ਨਗਦ ਇਨਾਮ ਤੇ ਟਰਾਫੀਆਂ ਦਿੱਤੀਆਂ ਜਾਣਗੀਆਂ।

### ਨਗਰ ਕੌਂਸਲ ਸ੍ਰੀ ਅਨੰਦਪੁਰ ਸਾਹਿਬ ਵੱਲੋਂ ਗੁਰੂ ਨਗਰੀ ਵਾਸੀਆਂ ਦੀ ਸਹੂਲਤ ਲਈ ਫੋਗਿੰਗ ਮਸ਼ੀਨ ਖਰੀਦੀ

ਸ੍ਰੀ ਅਨੰਦਪੁਰ ਸਾਹਿਬ 28 ਫਰਵਰੀ (ਆਵਾਜ਼ਿ ਕੌਮ ਬਿਊਰੋ)- .ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਪੰਜਾਬ ਦੇ ਦਿਸ਼ਾ ਨਿਰਦੇਸ਼ ਅਤੇ ਹਰਜੀਤ ਸਿੰਘ ਜੀਤਾ ਪ੍ਰਧਾਨ ਨਗਰ ਕੌਂਸਲ ਦੀ ਅਗਵਾਈ ਵਿੱਚ ਗੁਰੂ ਨਗਰੀ ਸ਼੍ਰੀ ਅਨੰਦਪੁਰ ਸਾਹਿਬ ਨੂੰ ਸਾਫ ਸੁਥਰਾ ਰੱਖਣ ਦੇ ਨਾਲ ਨਾਲ ਮਲੇਰੀਏ ਅਤੇ ਡੇਂਗੂ ਵਰਗੀਆਂ ਬਿਮਾਰੀਆਂ ਤੋਂ ਬਚਾਅ ਲਈ ਅਤੇ ਖਾਸ ਤੌਰ ਤੇ ਹੋਲੇ ਮਹੱਲੇ ਦੇ ਕੌਮੀ ਤਿਉਹਾਰ ਨੂੰ ਮੁੱਖ ਰੱਖਦੇ ਹੋਏ ਦੇਸ਼ ਵਿਦੇਸ਼ਾਂ ਤੋਂ ਨਤਮਸਤਕ ਹੋਣ ਲਈ ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਵਿੱਚ ਪਹੁੰਚ ਰਹੀ ਸੰਗਤ ਨੂੰ ਡੇਂਗੂ ਅਤੇ ਮਲੇਰੀਏ ਵਰਗੇ ਮੱਛਰਾਂ ਤੋਂ ਮੁਕਤ ਕਰਨ ਲਈ ਨਗਰ ਕੌਂਸਲ ਸ੍ਰੀ ਅਨੰਦਪੁਰ ਸਾਹਿਬ ਵੱਲੋਂ 10 ਲੱਖ ਰੁਪਏ ਦੀ ਲਾਗਤ ਦੇ ਨਾਲ ਫੋਗਿੰਗ ਮਸ਼ੀਨ ਮਸ਼ੀਨ ਖਰੀਦੀ ਗਈ ਹੈ।ਇਹ ਮਸ਼ੀਨ ਹੋਲੇ ਮਹੱਲੇ ਦੇ ਤਿਉਹਾਰ ਤੋਂ ਇਲਾਵਾ ਵੀ ਲਗਾਤਾਰ ਗੁਰੂ ਨਗਰੀ ਸ਼੍ਰੀ ਅਨੰਦਪੁਰ ਸਾਹਿਬ ਵਿੱਚ ਫੋਗਿੰਗ ਕਰਦੀ ਰਹੇਗੀ ਤਾਂ ਕਿ ਸ੍ਰੀ ਅਨੰਦਪੁਰ ਸਾਹਿਬ ਦੀ ਜਨਤਾ ਨੂੰ ਵੱਧ ਤੋਂ ਵੱਧ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਸਕਣ। ਇਸ ਮੌਕੇ ਗੁਰਦੀਪ ਸਿੰਘ ਕਾਰਜ ਸਾਧਕ ਅਫਸਰ, ਇੰਦਰਜੀਤ ਸਿੰਘ ਅਰੋੜਾ ਪ੍ਰਧਾਨ ਵਪਾਰ ਮੰਡਲ, ਮੁਕੇਸ਼ ਸ਼ਰਮਾ ਸੈਨੇਟਰੀ ਸੁਪਰਡੈਂਟ, ਮਦਨ ਲਾਲ ਸੈਨੇਟਰੀ ਇੰਸਪੈਕਟਰ, ਰਕੇਸ਼ ਜੇ.ਈ, ਮਦਨ ਲਾਲ ,ਪਰਮਜੀਤ ਸੋਨੂੰ ਸਫਾਈ ਸੁਪਰਵਾਈਜ਼ਰ ਹਾਜ਼ਰ ਸਨ। ਇਹ ਮਸ਼ੀਨ ਹੋਲੇ ਮਹੱਲੇ ਦੇ ਤਿਉਹਾਰ ਤੋਂ ਇਲਾਵਾ ਵੀ ਲਗਾਤਾਰ ਗੁਰੂ ਨਗਰੀ ਸ਼੍ਰੀ ਅਨੰਦਪੁਰ ਸਾਹਿਬ ਵਿੱਚ ਫੋਗਿੰਗ ਕਰਦੀ ਰਹੇਗੀ ਤਾਂ ਕਿ ਸ੍ਰੀ ਅਨੰਦਪੁਰ ਸਾਹਿਬ ਦੀ ਜਨਤਾ ਨੂੰ ਵੱਧ ਤੋਂ ਵੱਧ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਸਕਣ। ਇਸ ਮੌਕੇ ਗੁਰਦੀਪ ਸਿੰਘ ਕਾਰਜ ਸਾਧਕ ਅਫਸਰ, ਇੰਦਰਜੀਤ ਸਿੰਘ ਅਰੋੜਾ ਪ੍ਰਧਾਨ ਵਪਾਰ ਮੰਡਲ, ਮੁਕੇਸ਼ ਸ਼ਰਮਾ ਸੈਨੇਟਰੀ ਸੁਪਰਡੈਂਟ, ਮਦਨ ਲਾਲ ਸੈਨੇਟਰੀ ਇੰਸਪੈਕਟਰ, ਰਕੇਸ਼ ਜੇ.ਈ, ਮਦਨ ਲਾਲ ,ਪਰਮਜੀਤ ਸੋਨੂੰ ਸਫਾਈ ਸੁਪਰਵਾਈਜ਼ਰ ਹਾਜ਼ਰ ਸਨ।




★ ਜਾਰੀ ਕਰਤਾ ★

ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

+447458381111 +447976210161 +919729091243